SWITCH INSURANCE
AUTO, HOME & COMMERCIAL
- Commercial Vehicle Insurance
- Commercial Property Insurance
- Commercial General Liability (CGL)
- Rental Property
905-965-7474
www.SwitchInsurance.ca
7900 Hurontario St Suite 308, Brampton, ON L6Y 0P6

ਕੈਨੇਡੀਅਨ
# ਪੰਜਾਬੀ ਪੋਸਟ
Award winning news paper | Canadian Punjabi Post

JOSHI LAW OFFICE
Barrister, Solicitor & Notary Public

- Immigration
- Real Estate
- Commercial Law
- Affidavit
- Power of Attorney
Rakesh M. Joshi
B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON

To view our online newspaper visit **punjabipost.ca/epaper** | Vol 24* Issue 95 | Wednesday, 18 June 2025 | Tel: 905-793-2202 | Fax: 905-793-2282 | news@punjabipost.ca ਤੁਸੀਂ 'ਪੰਜਾਬੀ ਪੋਸਟ' ***Online***ਰੋਜ਼ਾਨਾ ਪੜ੍ਹ ਸਕਦੇ ਹੋ

# ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ G7 ਸੰਮੇਲਨ ਵਿੱਚ ਕਿਹਾ- ਭਾਰਤ-ਕੈਨੇਡਾ ਸਬੰਧ ਬਹੁਤ ਮਹੱਤਵਪੂਰਨ

## ਭਾਰਤ-ਕੈਨੇਡਾ ਵਿੱਚ ਹਾਈ ਕਮਿਸ਼ਨਰ ਦੀ ਬਹਾਲੀ 'ਤੇ ਸਮਝੌਤਾ



ਅਲਬਰਟਾ, 17 ਜੂਨ (ਪੋਸਟ ਬਿਊਰੋ): ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਕੈਨੇਡਾ ਦੇ ਕਨਾਨਾਸਕਿਸ ਵਿੱਚ ਹੋਏ ਜੀ7 ਸੰਮੇਲਨ ਵਿੱਚ ਮਹਿਮਾਨ ਰਾਸ਼ਟਰ ਵਜੋਂ ਹਿੱਸਾ ਲਿਆ। ਕੈਨੇਡੀਅਨ ਪ੍ਰਧਾਨ ਮੰਤਰੀ ਮਾਰਕ ਕਾਰਨੀ ਨੇ ਮੋਦੀ ਦਾ ਸਵਾਗਤ ਕੀਤਾ। ਇਸ ਤੋਂ ਬਾਅਦ ਦੋਨਾਂ ਦੇਸ਼ਾਂ ਦੇ ਮੁਖੀਆਂ ਵਿਚਕਾਰ ਦੁਵੱਲੀ ਮੀਟਿੰਗ ਹੋਈ।

ਮੀਟਿੰਗ ਤੋਂ ਬਾਅਦ ਪ੍ਰਧਾਨ ਮੰਤਰੀ ਮੋਦੀ ਨੇ ਕਿਹਾ ਕਿ ਭਾਰਤ-ਕੈਨੇਡਾ ਸਬੰਧ ਬਹੁਤ ਮਹੱਤਵਪੂਰਨ ਹਨ। ਉਨ੍ਹਾਂ ਨੇ ਪ੍ਰਧਾਨ ਮੰਤਰੀ ਮਾਰਕ ਕਾਰਨ ਨੂੰ ਕਿਹਾ ਕਿ ਮੈਂ ਤੁਹਾਡਾ ਭਾਰਤ ਨੂੰ ਜੀ-7 ਵਿੱਚ ਸੱਦਾ ਦੇਣ ਲਈ ਬਹੁਤ ਧੰਨਵਾਦੀ ਹਾਂ। ਮੈਂ ਖੁਸ਼ਕਿਸਮਤ ਹਾਂ ਕਿ ਮੈਨੂੰ 2015 ਤੋਂ ਬਾਅਦ ਇੱਕ ਵਾਰ ਫਿਰ ਕੈਨੇਡਾ ਆਉਣ ਅਤੇ ਕੈਨੇਡਾ ਦੇ ਲੋਕਾਂ ਨਾਲ ਜੁੜਨ ਦਾ ਮੌਕਾ ਮਿਲਿਆ ਹੈ।

ਇਸ ਦੇ ਨਾਲ ਹੀ ਭਾਰਤ ਅਤੇ ਕੈਨੇਡਾ ਵਿਚਕਾਰ ਹਾਈ ਕਮਿਸ਼ਨਰ ਨੂੰ ਬਹਾਲ ਕਰਨ ਲਈ ਇੱਕ ਸਮਝੌਤਾ ਹੋਇਆ ਹੈ। ਪਿਛਲੇ ਸਾਲ ਅਕਤੂਬਰ ਵਿੱਚ, ਦੋਨਾਂ ਦੇਸ਼ਾਂ ਨੇ ਦੇਸ਼ ਵਿੱਚੋਂ 6-6 ਡਿਪਲੋਮੈਟਾਂ ਨੂੰ ਕੱਢ ਦਿੱਤਾ ਸੀ।

ਮੋਦੀ ਨੇ ਸੰਮੇਲਨ ਵਿੱਚ ਵਿਸ਼ਵ ਨੇਤਾਵਾਂ ਨਾਲ ਵੀ ਮੁਲਾਕਾਤ ਕੀਤੀ।

...ਬਾਕੀ ਪੰਨਾ 2 'ਤੇ

## ਟੋਰਾਂਟੋ ਡਾਊਨਟਾਊਨ ਵਿੱਚ ਡਕੈਤੀ ਅਤੇ ਜ਼ਬਰਦਸਤੀ ਦੀ ਜਾਂਚ ਦੇ ਸਬੰਧ 'ਚ 2 ਗ੍ਰਿਫ਼ਤਾਰ, 1 ਫ਼ਰਾਰ



ਟੋਰਾਂਟੋ, 17 ਜੂਨ (ਪੋਸਟ ਬਿਊਰੋ): ਟੋਰਾਂਟੋ ਡਾਊਨਟਾਊਨ ਵਿੱਚ ਡਕੈਤੀ ਅਤੇ ਐਕਸਟੌਰਸ਼ਨ ਦੀ ਜਾਂਚ ਦੇ ਸਬੰਧ ਵਿੱਚ ਇੱਕ ਵਿਅਕਤੀ ਅਤੇ ਇੱਕ ਔਰਤ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ, ਜਦਕਿ ਇੱਕ ਤੀਜਾ ਵਿਅਕਤੀ ਫ਼ਰਾਰ ਹੈ। ਟੋਰਾਂਟੋ ਪੁਲਿਸ ਦਾ ਕਹਿਣਾ ਹੈ ਕਿ ਬੀਤੀ 11 ਜੂਨ ਨੂੰ ਸ਼ਾਮ 4:30 ਵਜੇ ਦੇ ਕਰੀਬ, ਉਨ੍ਹਾਂ ਨੂੰ ਐਡੀਲੇਡ ਸਟ੍ਰਟ ਵੈਸਟ ਅਤੇ ਪੀਟਰ ਸਟਰੀਟ ਦੇ ਨੇੜੇ ਐਂਟਰਟੇਨਮੈਂਟ ਡਿਸਟ੍ਰਿਕਟ ਵਿੱਚ ਹਮਲੇ ਬਾਰੇ ਸੂਚਨਾ ਮਿਲੀ ਸੀ। ...ਬਾਕੀ ਪੰਨਾ 2 'ਤੇ

# ਫਿਰੌਤੀ ਅਤੇ ਲੁੱਟਾਂ-ਖੋਹਾਂ ਦੇ ਦੋਸ਼ 'ਚ ਗਿਰੋਹ ਦੇ 18 ਮੈਂਬਰ ਗ੍ਰਿਫ਼ਤਾਰ

## ਅੰਦਾਜ਼ਨ 1 ਮਿਲੀਅਨ ਡਾਲਰ ਤੋਂ ਵੱਧ ਦੀ ਹੋਈ ਧੋਖਾਧੜੀ



ਟੋਰਾਂਟੋ, 17 ਜੂਨ (ਪੋਸਟ ਬਿਊਰੋ) : ਪੀਲ ਪੁਲਿਸ ਨੇ ਦਾਅਵਾ ਕੀਤਾ ਹੈ ਕਿ ਹਿੰਸਕ ਅਪਰਾਧਿਕ ਸੰਗਠਨ ਨੂੰ ਖ਼ਤਮ ਕਰ ਦਿੱਤਾ ਗਿਆ ਹੈ ਜਿਸਨੇ ਜੀਟੀਏ ਰੋਡ 'ਤੇ ਨਾਟਕੀ ਟੱਕਰਾਂ ਤੋਂ ਬਾਅਦ ਭਾਈਚਾਰੇ ਦੇ ਮੈਂਬਰਾਂ ਤੋਂ ਲੱਖਾਂ ਡਾਲਰ ਵਸੂਲਣ ਅਤੇ ਬੀਮਾ ਕੰਪਨੀਆਂ ਨੂੰ ਧੋਖਾ ਦੇਣ ਦੀ ਕੋਸ਼ਿਸ਼ ਵਿਚ ਸ਼ਾਮਿਲ ਸੀ। ਪ੍ਰਜੈਕਟ ਆਊਟਸੋਰਸ ਨਾਮਕ ਜਾਂਚ ਦੇ ਵੇਰਵਿਆਂ ਦਾ ਐਲਾਨ ਸੋਮਵਾਰ ਸਵੇਰੇ ਪੀਲ ਖੇਤਰ ਵਿੱਚ ਇੱਕ ਨਿਊਜ਼ ਕਾਨਫਰੰਸ ਵਿੱਚ ਕੀਤਾ ਗਿਆ। ਜਾਂਚਕਰਤਾਵਾਂ ਅਨੁਸਾਰ, ਜੁਲਾਈ 2024 ਵਿੱਚ ਸ਼ੁਰੂ ਕੀਤੀ ਗਈ ਜਾਂਚ ਵਿੱਚ 18 ਲੋਕਾਂ ਨੂੰ ਗ੍ਰਿਫਤਾਰ ਕੀਤਾ ਗਿਆ ਹੈ ਅਤੇ ਉਨ੍ਹਾਂ 'ਤੇ ਕੁੱਲ 100 ਦੋਸ਼ ਹਨ।

ਪੀਲ ਖੇਤਰੀ ਪੁਲਿਸ ਮੁਖੀ ਨਿਸ਼ਾਨ ਦੁਰਈਅੱਪਾ ਨੇ ਦੱਸਿਆ ਕਿ 2023 ਵਿੱਚ ਹਿੰਸਕ ਐਕਸਟੌਰਸ਼ਨ ਵਿੱਚ ਵਾਧੇ ਦੇ ਜਵਾਬ ਵਿੱਚ ਪੁਲਿਸ ਸੇਵਾ ਦੀ ਐਕਸਟੌਰਸ਼ਨ ਜਾਂਚ ਟਾਸਕ ਫੋਰਸ ਵੱਲੋਂ ਜਾਂਚ ਸ਼ੁਰੂ ਕੀਤੀ ਗਈ ਸੀ। ਟਾਸਕ ਫੋਰਸ ਦੀ ਅਗਵਾਈ ਕਰਨ ਵਾਲੇ ਡਿਟੈਕਟਿਵ ਬ੍ਰਾਇਨ ਲੋਰੇਟ ਨੇ ਕਿਹਾ ਕਿ ਬਰੈਂਪਟਨ ਅਧਾਰਤ ਇੱਕ ਸਮੂਹ ਨੂੰ ਇਨ੍ਹਾਂ ਅਪਰਾਧਾਂ ਦੇ ਮਹੱਤਵਪੂਰਨ ਹਿੱਸੇ ਦੇ ਨਾਲ-ਨਾਲ ਟੋਇੰਗ ਉਦਯੋਗ ਵਿੱਚ ਅਪਰਾਧ ਦੇ ਮੁਲਜ਼ਮਾਂ ਵਜੋਂ ਪਛਾਣਿਆ ਗਿਆ ਹੈ।

...ਬਾਕੀ ਪੰਨਾ 2 'ਤੇ

Royal Pest Control
Residential Commercial Industrial
Specialist in Bedbugs Service
All Pest Control :
- Mouse & Rats
- Cockroaches
- Spiders & Fleas
- Carpenter Ants
- Bedbugs
- Silver Fish
- Wasps
- Racoons
Call : PARESH PATEL
(Government Approved Licensed Technician)
416 938 4598

Law Office of Aman Sharma

- Real Estate - Commercial Lease
- Business Purchase & Sale
- Notarizations & Affidavits
- Wills & Power Of Attorney
Fax: 905-913-2344 Tel: 905-913-2355
25 Cherrycrest Drive, Unit # 6
Brampton, ON, L6P 3W4
Aman Sharma
Open Saturday
Providing excellent quality legal services to our clients

ਨਵਾਂ ਘਾਹ ਲਵਾਉ | 647-784-1213
www.aaalandscaping.ca

ਪੁਰਾਣਾ ਘਾਹ ਹਟਾਉ ਅਤੇ ਨਵਾਂ ਲਵਾਉ
ਏਰੀਆ ਨੂੰ ਲੈਵਲ ਕਰਨਾ ਅਤੇ ਮਿੱਟੀ ਰਲਾਉਣੀ
ਨਵਾਂ ਘਾਹ ਲਵਾਉ
ਆਪਣੇ ਨਵੇਂ ਅਤੇ ਸੋਹਣੇ ਘਾਹ ਨੂੰ ਦੇਖੋ



# ਸਿਟੀ ਆਫ ਬਰੈਂਪਟਨ ਅਤੇ ਜ਼ੇਨੋਬੇ ਵੱਲੋਂ ਟ੍ਰਾਂਜ਼ਿਟ ਫਲੀਟ ਨੂੰ ਇਲੈਕਟ੍ਰਿਕ ਕਰਨ ਲਈ ਇਤਿਹਾਸਕ ਸਾਂਝੇਦਾਰੀ ਦਾ ਐਲਾਨ

## *ਮੇਅਰ ਨੇ ਸਮਝੌਤੇ ਲਈ ਓਟਵਾ ਵਿੱਚ ਯੂਨਾਈਟਿਡ ਕਿੰਗਡਮ ਦੇ ਪ੍ਰਧਾਨ ਮੰਤਰੀ ਨਾਲ ਕੀਤੀ ਮੁਲਾਕਾਤ ਕੀਤੀ

ਬਰੈਂਪਟਨ, 17 ਜੂਨ (ਪੋਸਟ ਬਿਊਰੋ): ਸਿਟੀ ਆਫ ਬਰੈਂਪਟਨ ਨੇ ਲੰਡਨ, ਯੂਕੇ ਵਿੱਚ ਹੈੱਡਕੁਆਰਟਰ ਵਾਲੇ ਇੱਕ ਗਲੋਬਲ ਫਲੀਟ ਇਲੈਕਟ੍ਰੀਫਿਕੇਸ਼ਨ ਅਤੇ ਬੈਟਰੀ ਸਟੋਰੇਜ ਮਾਹਰ ਜ਼ੈਨੋਬੇ ਨਾਲ 4 ਬਿਲੀਅਨ ਡਾਲਰ ਦੀ ਇੱਕ ਇਤਿਹਾ-ਸਕ ਸਾਂਝੇਦਾਰੀ ਦਾ ਐਲਾਨ ਕੀਤਾ ਹੈ ਤਾਂ ਜੋ ਬਰੈਂਪਟਨ ਟ੍ਰਾਂਜ਼ਿਟ ਦੇ ਬੱਸ ਫਲੀਟ ਨੂੰ ਪੂਰੀ ਤਰ੍ਹਾਂ ਬਿਜਲਈ ਬਣਾਇਆ ਜਾ ਸਕੇ। ਇਹ ਕੈਨੇਡਾ ਵਿੱਚ ਸਭ ਤੋਂ ਵੱਡੀ ਜ਼ੀਰੋ-ਐਮਿਸ਼ਨ ਟ੍ਰਾਂਜ਼ਟਿ ਪਹਿਲਕਦਮੀ ਹੈ। ਇਤਿਹਾ-ਸਕ ਐਲਾਨ ਓਟਾਵਾ ਵਿੱਚ ਕੀਤਾ ਗਿਆ, ਜਿੱਥੇ ਬਰੈਂਪਟਨ ਦੇ ਮੇਅਰ ਪੈਟ੍ਰਿਕ ਬ੍ਰਾਊਨ ਅਤੇ ਜ਼ੇਨੋਬੇ ਲੀਡਰਸ਼ਿਪ ਨੇ ਕੈਨੇਡਾ ਅਤੇ ਯੂਨਾਈਟਿਡ ਕਿੰਗਡਮ ਵਿਚਕਾਰ ਮਹੱਤਵਪੂਰਨ ਸਾਂਝੇਦਾਰੀ ਨੂੰ ਮਾਨਤਾ ਦੇਣ ਲਈ ਯੂਕੇ ਦੇ ਪ੍ਰਧਾਨ ਮੰਤਰੀ ਸਰ ਕੀਰ ਸਟਾਰਮਰ ਨਾਲ ਮੁਲਾਕਾਤ ਕੀਤੀ।

ਇਹ ਸਮਝੌਤਾ 10-ਸਾਲਾ ਬਿਜਲੀਕਰਨ ਢਾਂਚੇ ਦੇ ਪਹਿਲੇ ਪੜਾਅ ਦੀ ਸ਼ੁਰੂਆਤ ਕਰੇਗਾ ਜੋ ਅੰਤ ਵਿੱਚ ਬਰੈਂਪਟਨ ਦੇ ਪੂਰੇ ਡੀਜ਼ਲ-ਸੰਚਾਲਿਤ ਬੱਸ ਫਲੀਟ ਨੂੰ 1 ਹਜ਼ਾਰ ਬੈਟਰੀ ਇਲੈਕਟ੍ਰਿਕ ਬੱਸਾਂ ਨਾਲ ਬਦਲ ਦੇਵੇਗਾ, ਜੋ 40 ਮਿਲੀਅਨ ਤੋਂ ਵੱਧ ਸਾਲਾਨਾ ਯਾਤਰੀ ਯਾਤਰਾਵਾਂ ਦਾ ਸਮਰਥਨ ਕਰੇਗਾ। ਇੱਕ ਵਾਰ ਪੂਰਾ ਹੋਣ 'ਤੇ, ਪ੍ਰੋਗਰਾਮ ਤੋਂ ਆਵਾਜਾਈ ਨਾਲ ਸਬੰਧਤ ਗ੍ਰੀਨਹਾਊਸ ਗੈਸਾਂ ਦੇ ਨਿਕਾਸ ਦੇ ਜ਼ਿਆਦਾਤਰ ਹਿੱਸੇ ਨੂੰ ਖ਼ਤਮ ਕਰਨ ਦੀ ਉਮੀਦ ਹੈ, ਜੋ ਵਰਤਮਾਨ ਵਿੱਚ ਸ਼ਹਿਰ ਦੇ ਕਾਰ-ਪੋਰੇਟ ਜੀਐੱਚਜੀ ਨਿਕਾਸ ਦਾ ਲਗਭਗ 70% ਹੈ। ਮਹੱਤਵਪੂਰਨ



ਵਾਤਾਵਰਨ ਲਾਭਾਂ ਤੋਂ ਇਲਾਵਾ, ਸਾਂਝੇਦਾਰੀ ਤੋਂ ਕੈਨੇਡਾ ਅਤੇ ਯੂਨਾਈਟਿਡ ਕਿੰਗਡਮ ਵਿੱਚ 5 ਹਜ਼ਾਰ ਸਿੱਧੇ ਅਤੇ ਅਸਿੱਧੇ ਨੌਕਰੀਆਂ ਦਾ ਸਮਰਥਨ ਕਰਨ ਅਤੇ ਕੈਨੇਡਾ ਵਿੱਚ 1 ਬਿਲੀਅਨ ਡਾਲਰ ਵਿਦੇਸ਼ੀ ਨਿਵੇਸ਼ ਪ੍ਰਦਾਨ ਕਰਨ ਦੀ ਉਮੀਦ ਹੈ।

ਇਹ ਐਲਾਨ ਕੈਨੇਡਾ ਇਨਫਰਾਸਟ੍ਰਕਚਰ ਬੈਂਕ (ਸੀਆਈਬੀ) ਦੇ 2027 ਤੱਕ 450 ਜ਼ੀਰੋ-ਐਮੀਸ਼ਨ ਬੱਸਾਂ (ਜ਼ੈੱਡਈਬੀ) ਦੀ ਖ਼ਰੀਦ ਨੂੰ ਸਮਰਥਨ ਦੇਣ ਲਈ 400 ਮਿਲੀਅਨ ਡਾਲਰ ਤੱਕ ਦੇ ਨਿਵੇਸ਼ 'ਤੇ ਅਧਾਰਤ ਹੈ। ਸੀਆਈਬੀ ਦਾ ਵਿੱਤ ਜ਼ੈੱਡਈਬੀ ਦੀ ਸ਼ੁਰੂਆਤੀ ਪੂੰਜੀ ਲਾਗਤ, ਅਤੇ ਖਾਸ ਤੌਰ 'ਤੇ ਬੈਟਰੀ ਇਲੈਕਟ੍ਰਿਕ ਬੱਸਾਂ ਵਿੱਚ ਯੋਗਦਾਨ ਪਾਉਂਦਾ ਹੈ, ਤਾਂ ਜੋ ਸ਼ਹਿਰ ਦੇ ਬੱਸ ਫਲੀਟ ਦੇ ਬਿਜਲੀਕਰਨ ਨੂੰ ਤੇਜ਼ ਕਰਨ ਵਿੱਚ ਮਦਦ ਕੀਤੀ ਜਾ ਸਕੇ।

### ਅਸੀਂ ਆਪਣੇ ਨਿਵਾਸੀਆਂ ਲਈ ਇੱਕ ਸਾਫ਼ ਸਿਹਤਮੰਦ ਭਵਿੱਖ ਬਣਾ ਰਹੇ ਹਾਂ : ਪੈਟ੍ਰਿਕ ਬ੍ਰਾਊਨ

ਮੇਅਰ ਪੈਟ੍ਰਿਕ ਬ੍ਰਾਊਨ ਨੇ ਕਿਹਾ ਕਿ ਇਹ ਇਤਿਹਾਸਕ ਨਿਵੇਸ਼ ਬਰੈਂਪਟਨ ਅਤੇ ਕੈਨੇਡਾ ਭਰ ਵਿੱਚ ਜਨਤਕ ਆਵਾਜਾਈ ਲਈ ਇੱਕ ਮੋੜ ਦੀ ਨਿਸ਼ਾਨਦੇਹੀ ਕਰਦਾ ਹੈ। ਪੂਰੀ ਤਰ੍ਹਾਂ ਇਲੈਕਟ੍ਰਿਕ ਬੱਸ ਫਲੀਟ ਵਿੱਚ ਤਬਦੀਲੀ ਕਰਕੇ, ਅਸੀਂ ਨਾ ਸਿਰਫ਼ ਨਿਕਾਸ ਨੂੰ ਘਟਾ ਰਹੇ ਹਾਂ, ਨੌਕਰੀਆਂ ਪੈਦਾ ਕਰ ਰਹੇ ਹਾਂ, ਹਵਾ ਦੀ ਗੁਣਵੱਤਾ ਵਿੱਚ ਸੁਧਾਰ ਕਰ ਰਹੇ ਹਾਂ ਬਲਕਿ ਆਪਣੇ ਨਿਵਾਸੀਆਂ ਲਈ ਇੱਕ ਸਾਫ਼ ਸਿਹਤਮੰਦ ਭਵਿੱਖ ਬਣਾ ਰਹੇ ਹਾਂ। ਬਰੈਂਪਟਨ ਨੂੰ ਉੱਤਰੀ ਅਮਰੀਕਾ ਦੇ ਸਭ ਤੋਂ ਵੱਡੇ ਜ਼ੀਰੋ-ਐਮੀਸ਼ਨ ਟ੍ਰਾਂਜ਼ਟਿ ਪ੍ਰੋਜੈਕਟਾਂ ਵਿੱਚੋਂ ਇੱਕ ਦੀ ਅਗਵਾਈ ਕਰਨ 'ਤੇ ਮਾਣ ਹੈ ਅਤੇ ਅਸੀਂ ਇਸ ਦ੍ਰਿਸ਼ਟੀਕੋਣ ਨੂੰ ਹਕੀਕਤ ਬਣਾਉਣ ਵਿੱਚ ਮਦਦ ਕਰਨ ਲਈ ਯੂਕੇ ਅਤੇ ਕੈਨੇਡਾ ਵਿੱਚ ਆਪਣੇ ਭਾਈਵਾਲਾਂ ਦੇ ਧੰਨਵਾਦੀ ਹਾਂ।

### ਇਹ ਭਾਈਵਾਲੀ ਸਥਾਨਕ ਆਰਥਿਕ ਵਿਕਾਸ ਨੂੰ ਵੀ ਅੱਗੇ ਵਧਾਏਗੀ : ਹੈਡੀ ਡੈਂਪਸਟਰ

ਬਰੈਂਪਟਨ ਟ੍ਰਾਂਜ਼ਿਟ, ਸਿਟੀ ਆਫ ਬਰੈਂਪਟਨ ਦੇ ਜਨਰਲ ਮੈਨੇਜਰ ਹੈਡੀ ਡੈਂਪਸਟਰ ਨੇ ਕਿਹਾ ਕਿ ਉੱਤਰੀ ਅਮਰੀਕਾ ਵਿੱਚ ਸਭ ਤੋਂ ਵੱਡੇ ਜ਼ੀਰੋ-ਐਮਿਸ਼ਨ ਬੱਸ ਪ੍ਰੋਗਰਾਮਾਂ ਵਿੱਚੋਂ ਇੱਕ ਦੇ ਨਾਲ, ਬਰੈਂਪਟਨ ਟਿਕਾਊ, ਆਧੁਨਿਕ ਜਨਤਕ ਆਵਾਜਾਈ ਲਈ ਇੱਕ ਨਵਾਂ ਮਿਆਰ ਸਥਾਪਤ ਕਰ ਰਿਹਾ ਹੈ। ਸਾਡੇ ਨਿਵਾਸੀਆਂ ਲਈ ਨਿਕਾਸ ਘਟਾਉਣ ਅਤੇ ਹਵਾ ਦੀ ਗੁਣਵੱਤਾ ਵਿੱਚ ਸੁਧਾਰ ਕਰਨ ਤੋਂ ਇਲਾਵਾ, ਇਹ ਭਾਈਵਾਲੀ ਸਥਾਨਕ ਆਰਥਿਕ ਵਿਕਾਸ ਨੂੰ ਵੀ ਅੱਗੇ ਵਧਾਏਗੀ, ਹਜ਼ਾਰਾਂ ਨੌਕਰੀਆਂ ਪੈਦਾ ਕਰੇਗੀ ਅਤੇ ਇੱਥੇ ਬਰੈਂਪਟਨ ਵਿੱਚ ਮੁਹਾਰਤ ਪੈਦਾ ਕਰੇਗੀ। ਸਾਨੂੰ ਜ਼ੇਨੋਬੇ ਅਤੇ ਸਾਰੇ ਭਾਈਵਾਲਾਂ ਨਾਲ ਮਿਲ ਕੇ ਕੰਮ ਕਰਨ 'ਤੇ ਮਾਣ ਹੈ ਕਿਉਂਕਿ ਅਸੀਂ ਕੈਨੇਡਾ ਦੇ ਸਭ ਤੋਂ ਤੇਜ਼ੀ ਨਾਲ ਵਧ ਰਹੇ ਭਾਈਚਾਰਿਆਂ ਵਿੱਚੋਂ ਇੱਕ ਲਈ ਇੱਕ ਸਾਫ਼, ਸਿਹਤਮੰਦ ਅਤੇ ਵਧੇਰੇ ਲਚਕੀਲੇ ਭਵਿੱਖ ਲਈ ਕੌਂਸਲ ਦੇ ਦ੍ਰਿਸ਼ਟੀਕੋਣ ਨੂੰ ਪੂਰਾ ਕਰਦੇ ਹਾਂ।

### ਯੂ.ਕੇ. ਸਾਡੇ ਸਭ ਤੋਂ ਪੁਰਾਣੇ ਅਤੇ ਸਭ ਤੋਂ ਨੇੜਲੇ ਵਪਾਰਕ ਭਾਈਵਾਲਾਂ ਵਿੱਚੋਂ ਇੱਕ : ਮਨਿੰਦਰ ਸਿੱਧੂ

ਅੰਤਰਰਾਸ਼ਟਰੀ ਵਪਾਰ ਮੰਤਰੀ ਅਤੇ ਸੰਸਦ ਮੈਂਬਰ, ਬਰੈਂਪਟਨ ਈਸਟ ਤੋਂ ਮਨਿੰਦਰ ਸਿੱਧੂ ਨੇ ਕਿਹਾ ਕਿ ਯੂ.ਕੇ. ਸਾਡੇ ਸਭ ਤੋਂ ਪੁਰਾਣੇ ਅਤੇ ਸਭ ਤੋਂ ਨੇੜਲੇ ਵਪਾਰਕ ਭਾਈਵਾਲਾਂ ਵਿੱਚੋਂ ਇੱਕ ਹੈ ਅਤੇ ਮੈਂ ਬਹੁਤ ਉਤਸ਼ਾਹਿਤ ਹਾਂ ਕਿ ਬਰੈਂਪਟਨ ਸ਼ਹਿਰ ਅਤੇ ਜ਼ੇਨੋਬੇ ਵਿਚਕਾਰ ਨਿਵੇਸ਼ ਭਾਈਵਾਲੀ ਰਾਹੀਂ ਸਾਡਾ ਰਿਸ਼ਤਾ ਹੋਰ ਵੀ ਡੂੰਘਾ ਹੋਵੇਗਾ। ਜਿਵੇਂ ਕਿ ਕੈਨੇਡਾ ਵਪਾਰ ਵਿਭਿੰਨਤਾ 'ਤੇ ਸਾਡੇ ਯਤਨ ਜਾਰੀ ਰੱਖਦਾ ਹੈ, ਯੂ.ਕੇ. ਭਾਈਵਾਲਾਂ ਰਾਹੀਂ ਇਹ ਨਿਵੇਸ਼ ਸਾਡੀ ਆਰਥਿਕਤਾ ਲਈ ਬਹੁਤ ਵਧੀਆ ਖ਼ਬਰ ਹੈ, ਇਹ ਹਜ਼ਾਰਾਂ ਨੌਕਰੀਆਂ ਪੈਦਾ ਕਰਦਾ ਹੈ।

### ਅਸੀਂ ਬਰੈਂਪਟਨ ਦੇ ਨਾਲ ਕੈਨੇਡਾ ਵਿੱਚ ਆਪਣੀ ਮੌਜੂਦਗੀ ਨੂੰ ਵਧਾਉਣ ਲਈ ਖੁਸ਼ ਹਾਂ : ਸਟੀਵਨ ਮੀਰਸਮੈਨ

ਜ਼ੇਨੋਬੇ ਦੇ ਸਹਿ-ਸੰਸਥਾਪਕ ਅਤੇ ਨਿਰਦੇਸ਼ਕ ਸਟੀਵਨ ਮੀਰਸਮੈਨ ਦਾ ਕਹਿਣਾ ਹੈ ਕਿ ਅਸੀਂ ਸਥਾਨਕ ਅਤੇ ਫੈਡਰਲ ਜਨਤਕ ਖੇਤਰ ਦੇ ਭਾਈਵਾਲਾਂ ਨਾਲ ਕੰਮ ਕਰਨ ਦਾ ਕਾਫ਼ੀ ਤਜ਼ਰਬਾ ਲਿਆਉਂਦੇ ਹਾਂ ਤਾਂ ਜੋ ਉਨ੍ਹਾਂ ਦੇ ਇਲੈਕਟ੍ਰਿਕ ਫਲੀਟਾਂ ਵਿੱਚ ਤਬਦੀਲੀ ਨੂੰ ਸਮਰੱਥ ਅਤੇ ਤੇਜ਼ ਕੀਤਾ ਜਾ ਸਕੇ। ਸਾਡੇ ਅਨੁਕੂਲਿਤ ਮੈਚ-ਫੰਡਿੰਗ ਵਿਕਲਪ, ਵਿਸ਼ਵ ਪੱਧਰ 'ਤੇ 120 ਤੋਂ ਵੱਧ ਇਲੈਕਟ੍ਰਿਕ ਡਿਪੂਆਂ ਨੂੰ ਪ੍ਰਦਾਨ ਕਰਨ ਦੇ ਤਜ਼ਰਬੇ ਦੇ ਨਾਲ, ਲਾਗਤਾਂ ਨੂੰ ਘਟਾਉਂਦੇ ਹਨ ਅਤੇ ਜ਼ੀਰੋ-ਐਮਿਸ਼ਨ ਫਲੀਟਾਂ ਦੇ ਅਟੱਲ ਰਸਤੇ ਨੂੰ ਘੱਟ ਕਰਦੇ ਹਨ। ਅਸੀਂ ਬਰੈਂਪਟਨ ਦੇ ਨਾਲ ਕੈਨੇਡਾ ਵਿੱਚ ਆਪਣੀ ਮੌਜੂਦਗੀ ਨੂੰ ਵਧਾਉਣ ਲਈ ਖੁਸ਼ ਹਾਂ, ਕਿਉਂਕਿ ਅਸੀਂ ਸਾਂਝੇ ਤੌਰ 'ਤੇ ਉਨ੍ਹਾਂ ਦੇ ਵਿੱਤੀ ਅਤੇ ਵਾਤਾਵਰਨ ਸੰਬੰਧੀ ਉਦੇਸ਼ਾਂ ਨੂੰ ਪ੍ਰਾਪਤ ਕਰਦੇ ਹਾਂ। ਸਾਨੂੰ ਉਮੀਦ ਹੈ ਕਿ ਇਹ ਇਸ ਸਮੇਂ ਵਿਕਾਸ ਅਧੀਨ ਹੋਰ ਪ੍ਰਾਜੈਕਟਾਂ ਲਈ ਇੱਕ ਮਾਡਲ ਵਜੋਂ ਕੰਮ ਕਰੇਗਾ।

### ਸਾਫ਼ ਆਵਾਜਾਈ ਅਤੇ ਬੁਨਿਆਦੀ ਢਾਂਚੇ ਵਿੱਚ ਯੂ.ਕੇ. ਦੀ ਅਗਵਾਈ ਨੂੰ ਦਰਸਾਉਂਦਾ ਹੈ : ਫੌਜ਼ੀਆ ਯੂਨਿਸ

ਯੂ.ਕੇ. ਦੀ ਓਂਟਾਰੀਓ ਲਈ ਕੌਂਸਲ-ਜਨਰਲ ਫੌਜ਼ੀਆ ਯੂਨਿਸ ਨੇ ਕਿਹਾ ਕਿ ਜ਼ੈਨੋਬੇ ਅਤੇ ਸਿਟੀ ਆਫ ਬਰੈਂਪਟਨ ਵਿਚਕਾਰ ਇਹ ਮਹੱਤਵਪੂਰਨ ਭਾਈਵਾਲੀ ਇਸ ਗੱਲ ਦੀ ਇੱਕ ਸ਼ਕਤੀਸ਼ਾਲੀ ਉਦਾਹਰਣ ਹੈ ਕਿ ਕਿਵੇਂ ਯੂ.ਕੇ.-ਕੈਨੇਡਾ ਸਹਿਯੋਗ ਵਿਸ਼ਵਵਿਆਪੀ ਚੁਣੌਤੀਆਂ ਦੇ ਅਸਲ-ਸੰਸਾਰ ਹੱਲ ਪ੍ਰਦਾਨ ਕਰ ਸਕਦਾ ਹੈ। ਇਹ ਸਾਫ਼ ਆਵਾਜਾਈ ਅਤੇ ਬੁਨਿਆਦੀ ਢਾਂਚੇ ਵਿੱਚ ਯੂ.ਕੇ. ਦੀ ਅਗਵਾਈ ਨੂੰ ਦਰਸਾਉਂਦਾ ਹੈ, ਜਦੋਂ ਕਿ ਐਟਲਾਂਟਿਕ ਦੇ ਦੋਵੇਂ ਪਾਸੇ ਹੁਨ-ਰਮੰਦ ਨੌਕਰੀਆਂ ਪੈਦਾ ਕਰਦਾ ਹੈ ਅਤੇ ਨਵੀਨਤਾ ਨੂੰ ਚਲਾਉਂਦਾ ਹੈ। ਮੈਂ ਬ੍ਰਿਟਿਸ਼ ਮੁਹਾਰਤ ਨੂੰ ਕੈਨੇਡਾ ਦੇ ਸਭ ਤੋਂ ਤੇਜ਼ੀ ਨਾਲ ਵਧ ਰਹੇ ਸ਼ਹਿਰਾਂ ਵਿੱਚੋਂ ਇੱਕ ਲਈ ਇੱਕ ਵਧੇਰੇ ਟਿਕਾਊ ਭਵਿੱਖ ਨੂੰ ਆਕਾਰ ਦੇਣ ਵਿੱਚ ਮਦਦ ਕਰਦੇ ਹੋਏ ਦੇਖ ਕੇ ਬਹੁਤ ਖੁਸ਼ ਹਾਂ ਅਤੇ ਅਸੀਂ ਇਸ ਪ੍ਰਾਜੈਕਟ ਨੂੰ ਭਵਿੱਖ ਦੇ ਅੰਤਰਰਾਸ਼ਟਰੀ ਸਹਿਯੋਗ ਲਈ ਇੱਕ ਮਾਡਲ ਵਜੋਂ ਸੇਵਾ ਕਰਨ ਦੀ ਉਮੀਦ ਕਰਦੇ ਹਾਂ।

## ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ G7 ਸੰਮੇਲਨ ਵਿੱਚ ਕਿਹਾ- ਭਾਰਤ-ਕੈਨੇਡਾ ਸਬੰਧ ਬਹੁਤ ਮਹੱਤਵਪੂਰਨ

ਪੰਨਾ 1 ਦਾ ਬਾਕੀ

ਇਨ੍ਹਾਂ ਵਿੱਚ ਫਰਾਂਸ ਦੇ ਰਾਸ਼ਟਰਪਤੀ ਇਮੈਨੁਅਲ ਮੈਕਰੋਨ, ਇਟਲੀ ਦੇ ਪ੍ਰਧਾਨ ਮੰਤਰੀ ਜਾਰਜੀਆ ਮੇਲੋਨੀ, ਜਰਮਨ ਚਾਂਸਲਰ ਫ੍ਰੈਡਰਿਕ ਮਰਜ਼, ਮੈਕਸੀਕਨ ਰਾਸ਼ਟਰਪਤੀ ਕਲਾਉਡੀਆ ਸ਼ੀਨਬੌਮ ਪਾਰਡੋ, ਆਸਟ੍ਰੇਲੀਆਈ ਪ੍ਰਧਾਨ ਮੰਤਰੀ ਐਂਥਨੀ ਅਲਬਾਨੀਜ਼, ਦੱਖਣੀ ਅਫ਼ਰੀਕਾ ਦੇ ਰਾਸ਼ਟਰਪਤੀ ਸਿਰਿਲ ਰਾਮਾਫੋਸਾ, ਦੱਖਣੀ ਕੋਰੀਆ ਦੇ ਰਾਸ਼ਟਰਪਤੀ ਲੀ ਜਿਓਂਗ ਮਯੁੰਗ ਸ਼ਾਮਲ ਹਨ। ਇਸ ਤੋਂ ਬਾਅਦ, ਪ੍ਰਧਾਨ ਮੰਤਰੀ ਮੋਦੀ ਕ੍ਰੋਏਸ਼ੀਆ ਲਈ ਰਵਾਨਾ ਹੋ ਗਏ।

ਪ੍ਰਧਾਨ ਮੰਤਰੀ ਮੋਦੀ ਅਤੇ ਕੈਨੇਡੀਅਨ ਪ੍ਰਧਾਨ ਮੰਤਰੀ ਕਾਰਨੀ ਵਿਚਕਾਰ ਹੋਈ ਮੁਲਾਕਾਤ ਬਾਰੇ ਵਿਦੇਸ਼ ਸਕੱਤਰ ਵਿਕਰਮ ਮਿਸਰੀ ਨੇ ਕਿਹਾ, ਦੋਨਾਂ ਦੇਸ਼ਾਂ ਦੇ ਪ੍ਰਧਾਨ ਮੰਤਰੀਆਂ ਨੇ ਕਈ ਮੁੱਦਿਆਂ 'ਤੇ ਸਮਝੌਤਾ ਕੀਤਾ ਹੈ। ਹਾਈਕਮਿਸ਼ਨਰ ਨੂੰ ਜਲਦੀ ਹੀ ਭਾਰਤ ਅਤੇ ਕੈਨੇਡਾ ਵਿੱਚ ਬਹਾਲ ਕਰ ਦਿੱਤਾ ਜਾਵੇਗਾ। ਕਾਰੋਬਾਰ ਅਤੇ ਸਬੰਧਾਂ ਨੂੰ ਬਿਹਤਰ ਬਣਾਉਣ ਲਈ ਲੰਬੇ ਸਮੇਂ ਤੋਂ ਰੁਕੀ ਹੋਈ ਗੱਲਬਾਤ ਮੁੜ ਸ਼ੁਰੂ ਕੀਤੀ ਜਾਵੇਗੀ।

## ਫਿਰੌਤੀ ਅਤੇ ਲੁੱਟਾਂ-ਖੋਹਾਂ ਦੇ ਦੋਸ਼ ’ਚ ਗਿਰੋਹ ਦੇ 18 ਮੈਂਬਰ ਗ੍ਰਿਫ਼ਤਾਰ

ਪੰਨਾ 1 ਦਾ ਬਾਕੀ

ਜਬਰੀ ਵਸੂਲੀ ਦੀਆਂ ਕੋਸ਼ਿਸ਼ਾਂ ਤੋਂ ਇਲਾਵਾ, ਪੁਲਿਸ ਨੇ ਕਿਹਾ ਕਿ ਇਹ ਸਮੂਹ ਬੀਮਾ ਕੰਪਨੀਆਂ ਨੂੰ ਧੋਖਾ ਦੇਣ ਦੀ ਕੋਸ਼ਿਸ਼ ਵਿੱਚ ਜੀਟੀਏ ਰੋਡਵੇਜ਼ 'ਤੇ ਦਰਜਨਾਂ ਟੱਕਰਾਂ ਕਰਨ ਲਈ ਜ਼ਿੰਮੇਵਾਰ ਸੀ।

ਡਿਪਟੀ ਚੀਫ਼ ਨਿੱਕ ਮਿਲਿਨੋਵਿਚ ਨੇ ਕਿਹਾ ਕਿ ਕੁੱਲ ਮਿਲਾ ਕੇ, ਧੋਖਾਧੜੀ ਵਾਲੇ ਦਾਅਵੇ 1 ਮਿਲੀਅਨ ਡਾਲਰ ਤੋਂ ਵੱਧ ਹਨ। ਪੁਲਿਸ ਨੇ ਨੋਟ ਕੀਤਾ ਕਿ ਜਾਂਚ ਦੇ ਹਿੱਸੇ ਵਜੋਂ ਅੰਦਾਜ਼ਨ 4.2 ਮਿਲੀਅਨ ਡਾਲਰ ਦੀ ਜਾਇਦਾਦ ਜ਼ਬਤ ਕੀਤੀ ਗਈ ਸੀ, ਜਿਸ ਵਿੱਚ 18 ਟੋਅ ਟਰੱਕ ਵੀ ਸ਼ਾਮਿਲ ਸਨ। ਟਰੱਕ ਕੁਝ ਔਜ਼ਾਰ ਸਨ ਜੋ ਆਪਣੇ ਅਪਰਾਧਾਂ ਨੂੰ ਅੰਜਾਮ ਦੇਣ ਲਈ ਵਰਤੇ ਗਏ ਸਨ। ਪੁਲਿਸ ਨੇ ਕਿਹਾ ਕਿ ਸ਼ੱਕੀ ਵਿਅਕਤੀਆਂ ਨੂੰ ਸਰਟੀਫਾਈਡ ਰੋਡਸਾਈਡ ਅਤੇ ਹੰਬਲ ਰੋਡਸਾਈਡ ਨਾਮਾਂ ਹੇਠ ਕੰਮ ਕਰਨ ਵਾਲੀਆਂ ਟੋਇੰਗ ਕੰਪਨੀਆਂ ਨਾਲ ਜੁੜੇ ਮੰਨਿਆ ਜਾ ਰਿਹਾ ਹੈ।

ਜਾਂਚ ਦੇ ਹਿੱਸੇ ਵਜੋਂ ਚਾਰ ਹਾਈ ਐਂਡ ਨਿੱਜੀ ਵਾਹਨ, ਪੰਜ ਚੋਰੀ ਹੋਏ ਵਾਹਨ, ਛੇ ਹਥਿਆਰ, 600 ਰਾਊਂਡ ਗੋਲਾ ਬਾਰੂਦ, ਦੋ ਬੁਲੇਟਪਰੂਫ ਜੈਕਟਾਂ, ਅਤੇ 45,000 ਕੈਨੇਡੀਅਨ ਡਾਲਰ ਵੀ ਜ਼ਬਤ ਕੀਤੇ ਗਏ।

## ਟੋਰਾਂਟੋ ਡਾਊਨਟਾਊਨ ਵਿੱਚ ਡਕੈਤੀ ਅਤੇ ਜ਼ਬਰਦਸਤੀ ਦੀ ਜਾਂਚ ਦੇ ਸਬੰਧ ’ਚ 2 ਗ੍ਰਿਫ਼ਤਾਰ, 1 ਫ਼ਰਾਰ



ਪੰਨਾ 1 ਦਾ ਬਾਕੀ

ਉਨ੍ਹਾਂ ਦਾ ਕਹਿਣਾ ਹੈ ਕਿ ਪੀੜਤ ਨੇ ਇੱਕ ਔਰਤ ਨਾਲ ਸੰਪਰਕ ਕੀਤਾ ਜਿਸਨੇ ਸਨੈਪਚੈਟ 'ਤੇ ਨੀਨਾ, ਨੀਨਾ ਲੋਪੇਜ਼ ਅਤੇ ਸਬਰੀਨਾ ਨਾਮਾਂ ਦੀ ਵਰਤੋਂ ਕੀਤੀ ਸੀ ਅਤੇ ਉਸਦੇ ਘਰ ਗਈ। ਉੱਥੇ, ਔਰਤ 'ਤੇ ਦੋ ਵਿਅਕਤੀਆਂ ਵੱਲੋਂ ਕਥਿਤ ਤੌਰ 'ਤੇ ਹਮਲਾ ਕੀਤਾ ਗਿਆ, ਲੁੱਟ ਕੀਤੀ ਗਈ ਅਤੇ ਵੱਡੀ ਮਾਤਰਾ ਵਿੱਚ ਨਕਦੀ ਖੋਹੀ ਗਈ।

ਉਹ ਮੌਕੇ ਤੋਂ ਭੱਜ ਗਈ ਅਤੇ ਅਧਿਕਾਰੀਆਂ ਨੂੰ ਬੁਲਾਇਆ। ਸੋਮਵਾਰ ਨੂੰ, ਮਾਂਟਰੀਅਲ ਦੀ 30 ਸਾਲਾ ਜੂਲੀਆ ਵੈਲੀਅਨਟੇ ਅਤੇ ਮਿਸੀਸਾਗਾ ਦੀ 20 ਸਾਲਾ ਸਲੀਮ ਅਬਦੁੱਲਾ ਨੂੰ ਗ੍ਰਿਫ਼ਤਾਰ ਕੀਤਾ ਗਿਆ ਸੀ ਅਤੇ ਉਨ੍ਹਾਂ 'ਤੇ ਹਥਿਆਰ ਨਾਲ ਹਮਲਾ ਕਰਨ, ਹਿੰਸਾ ਨਾਲ ਡਕੈਤੀ, ਹਥਿਆਰ ਨਾਲ ਡਕੈਤੀ, ਜਬਰੀ ਵਸੂਲੀ ਅਤੇ ਅਸ਼ਲੀਲ ਸਮੱਗਰੀ ਪ੍ਰਕਾਸ਼ਿਤ ਕਰਨ/ਕਬਜ਼ਾ ਕਰਨ ਦੇ ਦੋਸ਼ ਲਗਾਏ ਗਏ ਸਨ। ਇਹ ਦੋਸ਼ ਅਦਾਲਤ ਵਿੱਚ ਸਾਬਤ ਨਹੀਂ ਹੋਏ ਹਨ। ਵਿਅਕਤੀ ਅਜੇ ਵੀ ਫ਼ਰਾਰ ਹੈ।

ਪੁਲਿਸ ਨੇ ਵਿਅਕਤੀ ਦੀ ਪਛਾਣ ਬਾਰੇ ਦੱਸਿਆ ਕਿ ਉਸ ਦੇ ਕਾਲੇ ਵਾਲ ਹਨ, ਪਤਲੇ ਸਰੀਰ, ਉਮਰ ਕਰੀਬ 20 ਸਾਲ ਅਤੇ ਆਖਰੀ ਵਾਰ ਇੱਕ ਕਾਲੇ ਨਾਈਕੀ ਹੁੱਡ ਵਾਲਾ ਸਵੈਟਰ ਜਿਸ ਵਿੱਚ ਜ਼ਿੱਪਰ, ਕਾਲੀ ਪੈਂਟ ਅਤੇ ਕਾਲੇ ਜੁੱਤੇ ’ਚ ਦੇਖਿਆ ਗਿਆ ਸੀ।

Canada Consumer Credit Assistance ਕਰਜ਼ਾ ਰਹਿਤ ਜ਼ਿੰਦਗੀ ਜੀਓ
• ਪਾਵਰ ਆਫ ਸੇਲ ਨੋਟਿਸ ?
• ਗਾਰਨਿਸ਼ਮੈਂਟ?
• ਬੈਂਕ ਵਲੋਂ ਪੈਸੇ ਦੀ ਮੰਗ ?
• ਰੈਵਨਿਊ ਕੈਨੇਡਾ ਵਲੋਂ ਟੈਕਸ ਦੀ ਮੰਗ ?
ਕੁਲੈਕਸ਼ਨ ਕਾਲਾਂ, ਬੈਂਕ ਕਰਪਸੀ ਅਤੇ ਕਰਜ਼ੇ ਤੋਂ ਪੱਕਾ ਛੁਟਕਾਰਾ ਪਾ ਕੇ ਆਪਣਾ ਕਰੈਡਿਟ ਦੁਬਾਰਾ ਬਨਾਉਣ ਲਈ
ਹੁਣੇ ਹੀ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ, ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
ਕਰਜ਼ੇ ਦੀ ਸਿਰਦਰਦੀ ?
ਮੁਫਤ ਅਤੇ ਗੁਪਤ ਸਲਾਹ ਲਈ ਅੱਜ ਹੀ ਜਸਬੀਰ ਹੁੰਦਲ ਨੂੰ ਕਾਲ ਕਰੋ
Late Evening and Weekends Appointments Available 1888 864 3131
Jasbir Singh Hundal, Qualified Credit Counsellor
www.MakeMeDebtFree.ca 416-502-3100 Unit #20 - 7015 Tranmere Drive Mississauga, ON L5S 1T7

TAX & ACCOUNTING
TAX | HST REBATE | ADVISORY |
ACCOUNTING | INCORPORATION |
BUSINESS LOAN | PERSONAL TAX
Harcharan S. Grover
Chartered Accountant
ਸਾਨੂੰ ਕਾਲ ਕਰੋ ਤੇ ਆਪਣਾ ਟੈਕਸ ਬਚਾਓ
Call for Professional Advice
905.247.0193
info@grovercpa.ca
GroVerCPA Professional Corporation
214-7895 Tranmere Drive, Mississauga ON L5S 1V9

ਆਓ ਸੱਤ ਸਮੁੰਦਰੋ ਪਾਰ ਵਾਲਿਆਂ ਦਾ ਵੀ ਸੋਚੀਏ
Super Visa
■ How your spouse can join you within 4-6 months
■ How your parents can join you
■ How students & skilled people can come to Canada
■ How international Students & Foreign workers can get their immigration
We do appeal for Refusal cases also
Sponsor Your Family
MacroGlobal Immigration Services Ltd.
Seema Bhayana
ICCRC
Ph: 905 452 0000, 905 452 9999
180 Wilkinson Road, Unit 18 Brampton, ON L6T 4M3
Fax: 905 452 9996 Email: macroglobal@rogers.com
www.macroimmigration.com

SherGill Law Firm
Barrister, Solicitor & Notary Public
Services:
* Real Estate
* Residential, Commercial & Franchise
* Criminal Law
* Family Law
* Affidavit, Power Of Attorney & Notarization
* Immigration Matters
Paramjit Singh Gill (MBA,LL.B.)
Tel: 905-790-3636
2565 Steeles Ave E Unit #20, Brampton, ON L6T 4L6
Emergency Contact: 416.910.5676
www.shergilllawfirm.ca

# ਅਮਰੀਕੀ ਗਵਰਨਰ ਇਸ ਗੱਲ ਨਾਲ ਸਹਿਮਤ ਹਨ ਕਿ ਟਰੰਪ ਦੀਆਂ ਕੈਨੇਡਾ ਬਾਰੇ ਟਿੱਪਣੀਆਂ 'ਅਪਮਾਨਜਨਕ' : ਫੋਰਡ

## ਕੈਨੇਡੀਅਨ ਸੈਰ ਸਪਾਟੇ ਦੀ ਗਿਰਾਵਟ ’ਤੇ ਵੀ ਅਮਰੀਕਨ ਚਿੰਤਤ

ਟੋਰਾਂਟੋ, 17 ਜੂਨ (ਪੋਸਟ ਬਿਊਰੋ): ਓਂਟਾਰੀਓ ਦੇ ਪ੍ਰੀਮੀਅਰ ਡੱਗ ਫੋਰਡ ਦਾ ਕਹਿਣਾ ਹੈ ਕਿ ਉਨ੍ਹਾਂ ਦੇ ਅਮਰੀਕੀ ਹਮਰੁਤਬਾ ਕੈਨੇਡੀਅਨਾਂ ਤੋਂ ਸੈਰ-ਸਪਾਟੇ ਵਿੱਚ ਗਿਰਾਵਟ ਬਾਰੇ ਚਿੰਤਤ ਹਨ, ਉਨ੍ਹਾਂ ਦੱਸਿਆ ਕਿ ਰਾਸ਼ਟਰਪਤੀ ਡੋਨਾਲਡ ਟਰੰਪ ਦੀਆਂ ਕੈਨੇਡਾ ਨੂੰ 51ਵਾਂ ਰਾਜ ਬਣਾਉਣ ਬਾਰੇ ਟਿੱਪਣੀਆਂ ਕੈਨੇਡਾ ਲਈ ਅਪਮਾਨਜਨਕ ਸਨ। ਉਨ੍ਹਾਂ ਕਿਹਾ ਕਿ ਅਸੀਂ ਅਮਰੀਕਾ ਨੂੰ ਪਿਆਰ ਕਰਦੇ ਹਾਂ। ਕੈਨੇਡੀਅਨ ਅਮਰੀਕੀਆਂ ਨਾਲ ਪਿਆਰ ਕਰਦੇ ਹਨ। ਇੱਕ ਵਿਅਕਤੀ ਹੈ ਜੋ ਇਸ ਮੁੱਦੇ ਦਾ ਕਾਰਨ ਬਣ ਰਿਹਾ ਹੈ ਅਤੇ ਉਹ ਰਾਸ਼ਟਰਪਤੀ ਟਰੰਪ ਹੈ। ਉਮੀਦ ਹੈ ਕਿ ਉਹ ਕੋਈ ਹੋਰ ਰਸਤਾ ਅਪਣਾਉਣਗੇ ਅਤੇ ਵਾੜਾਂ ਨੂੰ ਸੁਧਾਰਨਾ ਸ਼ੁਰੂ ਕਰਨਗੇ ਕਿਉਂਕਿ ਹੁਣੇ, ਜਿਵੇਂ ਕਿ ਗਵਰਨਰਾਂ ਨੇ ਸਾਨੂੰ ਇੱਥੇ ਦੱਸਿਆ ਹੈ, ਉਨ੍ਹਾਂ ਨੇ ਕੈਨੇਡੀਅਨ ਸੈਰ-ਸਪਾਟੇ ਵਿੱਚ ਭਾਰੀ ਗਿਰਾਵਟ ਦੇਖੀ ਹੈ। ਫੋਰਡ ਦੀਆਂ ਟਿੱਪਣੀਆਂ ਉਦੋਂ ਆਈਆਂ ਜਦੋਂ ਉਹ ਅਤੇ ਕਈ ਹੋਰ ਪ੍ਰੀਮੀਅਰ ਵਪਾਰ ਅਤੇ ਟੈਰਿਫਾਂ ਬਾਰੇ ਚਰਚਾ ਕਰਨ ਲਈ ਬੋਸਟਨ ਵਿੱਚ ਕਈ ਅਮਰੀਕੀ ਗਵਰਨਰਾਂ ਨਾਲ ਮਿਲੇ।



ਫੋਰਡ ਨੇ ਕਿਹਾ ਕਿ ਟਰੰਪ ਨੇ ਵਾਰ-ਵਾਰ ਕੈਨੇਡਾ ਨੂੰ 51ਵਾਂ ਰਾਜ ਬਣਾਉਣ ਦੀ ਮੰਗ ਕੀਤੀ ਹੈ ਅਤੇ ਕਿਹਾ ਹੈ ਕਿ ਉਹ ਦੇਸ਼ ਨੂੰ ਅਜਿਹਾ ਕਰਨ ਲਈ ਉਤਸ਼ਾਹਿਤ ਕਰਨ ਲਈ ਆਰਥਿਕ ਢੰਗ ਦੀ ਵਰਤੋਂ ਕਰਨਗੇ। ਰਾਜਨੀਤਿਕ ਸਪੈਕਟ੍ਰਮ ਦੇ ਕੈਨੇਡੀਅਨ ਨੇਤਾਵਾਂ ਨੇ ਇਸ ਵਿਚਾਰ ਨੂੰ ਕੈਨੇਡੀਅਨ ਪ੍ਰਭੂਸੱਤਾ 'ਤੇ ਹਮਲਾ ਕਰਾਰ ਦਿੰਦੇ ਹੋਏ ਸਾਫ਼-ਸਾਫ਼ ਰੱਦ ਕਰ ਦਿੱਤਾ ਹੈ। ਹਾਲਾਂਕਿ, ਫੋਰਡ ਨੇ ਕਿਹਾ ਕਿ ਵ੍ਹਾਈਟ ਹਾਊਸ ਦੇ ਬਿਆਨਬਾਜ਼ੀ ਦੇ ਬਾਵਜੂਦ, ਗਵਰਨਰਾਂ ਅਤੇ ਪ੍ਰੀਮੀਅਰਾਂ ਵਿਚਕਾਰ ਨਿੱਘੇ ਸਬੰਧ ਬਣੇ ਰਹਿੰਦੇ ਹਨ। ਮੀਟਿੰਗ ਵਿੱਚ ਮੇਨ ਗਵਰਨਰ ਜੈਨੇਟ ਮਿੱਲਜ਼, ਵਰਮੋਂਟ ਗਵਰਨਰ ਫਿਲ ਸਕਾਟ, ਰ੍ਹੋਡ ਆਈਲੈਂਡ ਗਵਰਨਰ ਡੈਨੀਅਲ ਮੈਕਕੀ, ਕਨੈਕਟੀਕਟ ਗਵਰਨਰ ਨੇਡ ਲੈਮੋਂਟ, ਮੈਸੇਚਿਉਸੇਟਸ ਗਵਰਨਰ ਮੌਰਾ ਹੀਲੀ ਅਤੇ ਨਿਊਯਾਰਕ ਗਵਰਨਰ ਕੈਥੀ ਹੋਚੁਲ ਸ਼ਾਮਲ ਹਨ।

ਫੋਰਡ ਦੇ ਨਾਲ, ਕੈਨੇਡੀਅਨ ਵਫ਼ਦ ਵਿੱਚ ਨਿਊਫਾਊਂਡਲੈਂਡ ਅਤੇ ਲੈਬਰਾਡੋਰ ਪ੍ਰੀਮੀਅਰ ਜੌਨ ਹੋਗਨ, ਪ੍ਰਿੰਸ ਐਡਵਰਡ ਆਈਲੈਂਡ ਪ੍ਰੀਮੀਅਰ ਰੌਬ ਲੈਂਟਜ਼, ਨੋਵਾ ਸਕੋਸ਼ੀਆ ਪ੍ਰੀਮੀਅਰ ਟਿਮ ਹਿਊਸਟਨ, ਨਿਊ ਬਰੰਸਵਿਕ ਪ੍ਰੀਮੀਅਰ ਸੂਜ਼ਨ ਹੋਲਟ ਅਤੇ ਕਿਊਬਿਕ ਆਰਥਿਕ ਮੰਤਰੀ ਕ੍ਰਿਸਟੀਨ ਫ੍ਰੈਚੇਟ ਸ਼ਾਮਲ ਹਨ। ਗਵਰਨਰਾਂ ਅਤੇ ਪ੍ਰੀਮੀਅਰਜ਼ ਵਿਚਕਾਰ ਬੋਸਟਨ ਮੀਟਿੰਗ ਉਸੇ ਦਿਨ ਹੋ ਰਹੀ ਹੈ ਜਦੋਂ ਪ੍ਰਧਾਨ ਮੰਤਰੀ ਮਾਰਕ ਕਾਰਨੀ ਨੇ ਅਲਬਰਟਾ ਵਿੱਚ ਜੀ7-ਸਿਖਰ ਸੰਮੇਲਨ ਦੇ ਮੌਕੇ 'ਤੇ ਟਰੰਪ ਨਾਲ ਮੁਲਾਕਾਤ ਕੀਤੀ।

## ਇਸਾਬੇਲ ਸਕਾਲਸਕੀ ਹੋਣਗੇ ਆਸਗੁਡ ਦੇ ਨਵੇਂ ਸਿਟੀ ਕੌਂਸਲਰ

ਓਟਵਾ, 17 ਜੂਨ (ਪੋਸਟ ਬਿਊਰੋ): ਵੋਟਰਾਂ ਨੇ ਸੋਮਵਾਰ ਰਾਤ ਨੂੰ ਹੋਈ ਉਪਚੋਣ ਵਿੱਚ ਸਕਾਲਸਕੀ ਨੂੰ ਚੁਣਿਆ, ਜਿਸ ਵਿੱਚ ਗ਼ੈਰ ਰਸਮੀਂ ਨਤੀਜੀਆਂ ਵਿੱਚ ਲੱਗਭੱਗ 34 ਫ਼ੀਸਦੀ ਲੋਕਾਂ ਨੇ ਸਮਰਥਨ ਦਿੱਤਾ। ਉਨ੍ਹਾਂ ਲੰਬੇ ਸਮੇਂ ਤੋਂ ਕੌਂਸਲਰ ਰਹੇ ਜਾਰਜ ਡਾਰੌਜ ਦੀ ਜਗ੍ਹਾ ਲੈਣ ਲਈ 10 ਹੋਰ ਉਮੀਦਵਾਰਾਂ ਨੂੰ ਹਰਾਇਆ, ਜਿਨ੍ਹਾਂ ਨੇ ਫਰਵਰੀ ਵਿੱਚ ਆਸਗੁਡ ਸੀਟ ਨੂੰ ਛੱਡਕੇ ਕਵੀਂਸ ਪਾਰਕ ਵਿੱਚ ਕਾਰਲਟਨ ਦੀ ਰਾਜਸੀ ਸਵਾਰੀ ਦੀ ਤਰਜਮਾਨੀ ਕੀਤਾ ਸੀ। ਇਹ ਵਾਰਡ 32 ਹਜ਼ਾਰ ਲੋਕਾਂ ਦਾ ਘਰ ਹੈ ਅਤੇ ਇਸ ਵਿੱਚ ਗਰੀਲੀ, ਆਸਗੁਡ ਅਤੇ ਮੇਟਕਾਫ ਦੇ ਪਿੰਡ ਸ਼ਾਮਲ ਹਨ । 2022 ਵਿੱਚ ਵਾਰਸ ਨੂੰ ਸ਼ਾਮਿਲ ਕਰਨ ਲਈ ਨਗਰਪਾਲਿਕਾ ਚੋਣਾਵੀ ਨਕਸ਼ੇ ਨੂੰ ਫਿਰ



ਵਲੋਂ ਤਿਆਰ ਕੀਤਾ ਗਿਆ ਸੀ। 2022 ਤੋ ਗਰੀਲੀ ਕਮਿਉਨਿਟੀ ਐਸੋਸੀਏਸ਼ਨ ਦੇ ਪ੍ਰਧਾਨ ਰਹੇ ਸਕਾਲਸਕੀ ਕੋਲ 26 ਅਕਤੂਬਰ, 2026 ਨੂੰ ਸ਼ਹਿਰ ਦੇ ਅਗਲੇ ਆਮ ਚੋਣ ਤੋਂ ਪਹਿਲਾਂ ਪਰਿਸ਼ਦ ਵਿਚ ਖ਼ੁਦ ਨੂੰ ਸਥਾਪਤ ਕਰਨ ਲਈ ਸਿਰਫ਼ ਇੱਕ ਸਾਲ ਦਾ ਸਮਾਂ ਹੋਵੇਗਾ।

## ਸਿੰਗਾਪੁਰ ਵਿਚ ਚੋਰੀ ਦੇ ਦੋਸ਼ ਹੇਠ ਭਾਰਤੀ ਔਰਤ ਨੂੰ ਹੋਈ ਅੱਠ ਦਿਨ ਦੀ ਜੇਲ੍ਹ, ਇਕ ਨੂੰ ਲੱਗਾ ਜੁਰਮਾਨਾ

ਸਿੰਗਾਪੁਰ, 17 ਜੂਨ (ਪੋਸਟ ਬਿਊਰੋ): ਸਿੰਗਾਪੁਰ ਦੇ ਚਾਂਗੀ ਹਵਾਈ ਅੱਡੇ ’ਤੇ ਇਸ ਮਹੀਨੇ ਦੇ ਸ਼ੁਰੂ ਵਿੱਚ ਦੁਕਾਨ ’ਚ ਚੋਰੀ ਕਰਦੀਆਂ ਫੜ੍ਹੀਆਂ ਦੋ ਭਾਰਤੀ ਔਰਤਾਂ ਵਿੱਚੋਂ ਇੱਕ ਨੂੰ ਅੱਠ ਦਿਨ ਦੀ ਜੇਲ੍ਹ ਦੀ ਸਜ਼ਾ ਸੁਣਾਈ ਗਈ ਹੈ, ਜਦਕਿ ਦੂਸਰੀ ਨੂੰ ਜੁਰਮਾਨਾ ਲਾਇਆ ਗਿਆ ਹੈ। ਗੋਇਨਕਾ ਸਿਮਰਨ (29) ਨੂੰ ਘਰ ਵਿੱਚ ਚੋਰੀ ਦੇ ਮਾਮਲੇ ਵਿੱਚ ਦੋਸ਼ੀ ਠਹਿਰਾਏ ਜਾਣ ਮਗਰੋਂ ਅੱਠ ਦਿਨ ਦੀ ਜੇਲ੍ਹ ਦੀ ਸਜ਼ਾ ਸੁਣਾਈ ਗਈ। ਉਸ ਦੇ ਚੋਰੀ ਦੇ ਇੱਕ ਹੋਰ ਮਾਮਲੇ ਸਬੰਧੀ ਵੀ ਵਿਚਾਰ ਕੀਤਾ ਗਿਆ ਹੈ।

ਅਦਾਲਤ ਨੂੰ ਦੱਸਿਆ ਗਿਆ ਕਿ



ਉਹ ਸਟੋਰ ਵਿੱਚ ਦਾਖ਼ਲ ਹੋਈ। ਉਸ ਨੇ 300 ਸਿੰਗਾਪੁਰ ਡਾਲਰ ਦਾ ਪੀਲਾ ਪਰਸ ਲਿਆ ਅਤੇ ਬਿਨ੍ਹਾਂ ਪੈਸੇ ਦਿੱਤੇ ਸਟੋਰ ’ਚੋਂ ਨਿਕਲ ਗਈ। ਉਸ ਨੇ ਦੁਕਾਨ ਤੋਂ ਇਤਰ ਦੀ ਸ਼ੀਸ਼ੀ ਚੋਰੀ ਕਰਨ ਦੀ ਗੱਲ ਵੀ ਕਬੂਲੀ ਹੈ, ਜਿਸ ਦੀ ਕੀਮਤ 200 ਸਿੰਗਾਪੁਰ ਡਾਲਰ ਤੋਂ ਵੱਧ ਸੀ। ਇਸੇ ਤਰ੍ਹਾਂ 30 ਸਾਲਾ ਗਰਗ ਪ੍ਰਸ਼ਾ ਨੂੰ ਚੋਰੀ ਦੇ ਮਾਮਲੇ ਵਿੱਚ ਦੋਸ਼ੀ ਠਹਿਰਾਏ ਜਾਣ ਮਗਰੋਂ 700 ਸਿੰਗਾਪੁਰ ਡਾਲਰ ਦਾ ਜੁਰਮਾਨਾ ਲਾਇਆ ਗਿਆ। ਉਸ ’ਤੇ 80 ਸਿੰਗਾਪੁਰ ਡਾਲਰ ਤੋਂ ਵੱਧ ਕੀਮਤ ਦਾ ਬੈਗ ਚੋਰੀ ਕਰਨ ਦਾ ਦੋਸ਼ ਹੈ।

## ਇਜ਼ਰਾਈਲ ਨੇ ਈਰਾਨੀ ਫੌਜ ਦੇ ਡਿਪਟੀ ਕਮਾਂਡਰ ਨੂੰ ਮਾਰਿਆ, 4 ਦਿਨ ਪਹਿਲਾਂ ਕੀਤੀ ਗਈ ਸੀ ਨਿਯੁਕਤੀ

### ਨੇਤਨਯਾਹੂ ਨੇ ਕਿਹਾ- ਜੰਗ ਖਾਮੇਨੇਈ ਦੀ ਮੌਤ ਨਾਲ ਖਤਮ ਹੋਵੇਗੀ

ਤਲਅਵੀਵ, 17 ਜੂਨ (ਪੋਸਟ ਬਿਊਰੋ): ਇਜ਼ਰਾਈਲ ਅਤੇ ਈਰਾਨ ਵਿਚਕਾਰ ਟਕਰਾਅ ਪੰਜਵੇਂ ਦਿਨ ਵੀ ਜਾਰੀ ਹੈ।



ਇਸ ਦੌਰਾਨ, ਈਰਾਨ ਦੇ ਚੋਟੀ ਦੇ ਫੌਜੀ ਅਧਿਕਾਰੀ ਮੇਜਰ ਜਨਰਲ ਅਲੀ ਸ਼ਾਦਮਾਨੀ ਦੀ ਇੱਕ ਹਵਾਈ ਹਮਲੇ ਵਿੱਚ ਮੌਤ ਹੋ ਗਈ ਹੈ। ਇਹ ਜਾਣਕਾਰੀ ਈਰਾਨੀ ਫੌਜ ਨੇ ਦਿੱਤੀ ਹੈ।

ਸ਼ਾਦਮਾਨੀ ਈਰਾਨ ਦੇ ਖਾਤਮ-ਅਲ-ਅਨਬੀਆ ਹੈੱਡਕੁਆਰਟਰ ਯਾਨੀ ਫੌਜੀ ਐਮਰਜੈਂਸੀ ਕਮਾਂਡ ਦੇ ਮੁਖੀ ਸਨ। ਉਨ੍ਹਾਂ ਨੇ ਇਹ ਅਹੁਦਾ ਸਿਰਫ਼ 4 ਦਿਨ ਪਹਿਲਾਂ ਹੀ ਸੰਭਾਲਿਆ ਸੀ।

ਉਨ੍ਹਾਂ ਨੂੰ ਇਹ ਜ਼ਿੰਮੇਵਾਰੀ ਮੇਜਰ ਜਨਰਲ ਗੁਲਾਮ ਅਲੀ ਰਾਸ਼ੀਦ ਦੀ ਥਾਂ 'ਤੇ ਸੌਂਪੀ ਗਈ ਸੀ, ਜੋ ਇਜ਼ਰਾਈਲੀ ਹਮਲੇ ਵਿੱਚ ਮਾਰੇ ਗਏ ਸਨ। ਰਾਸ਼ੀਦ ਦੀ ਪਿਛਲੇ ਸ਼ੁੱਕਰਵਾਰ ਨੂੰ ਮੌਤ ਹੋ ਗਈ ਸੀ।

ਇਸ ਦੌਰਾਨ, ਇਜ਼ਰਾਈਲੀ ਪ੍ਰਧਾਨ ਮੰਤਰੀ ਬੈਂਜਾਮਿਨ ਨੇਤਨਯਾਹੂ ਨੇ ਯੁੱਧ ਖਤਮ ਕਰਨ ਬਾਰੇ ਕਿਹਾ ਕਿ ਅਯਾਤੁੱਲਾ ਖਾਮਨੇਈ ਦੀ ਹੱਤਿਆ ਨਾਲ ਯੁੱਧ ਨਹੀਂ ਵਧੇਗਾ, ਸਗੋਂ ਇਸਨੂੰ ਖਤਮ ਕਰ ਦੇਵੇਗਾ।

ਇਜ਼ਰਾਈਲੀ ਹਮਲਿਆਂ ਵਿੱਚ ਹੁਣ ਤੱਕ 224 ਈਰਾਨੀ ਮਾਰੇ ਗਏ ਹਨ, ਜਦੋਂਕਿ 1,481 ਲੋਕ ਜ਼ਖਮੀ ਹੋਏ ਹਨ। ਇਸ ਦੌਰਾਨ, ਇਜ਼ਰਾਈਲ ਵਿੱਚ ਹੁਣ ਤੱਕ 24 ਲੋਕ ਮਾਰੇ ਗਏ ਹਨ, ਜਦੋਂਕਿ 600 ਤੋਂ ਵੱਧ ਜ਼ਖਮੀ ਹੋਏ ਹਨ।

## ਅਜਮੇਰ ਵਿੱਚ 2 ਸਾਲਾ ਬੱਚੀ ਨੇ ਢਿੱਡ ਵਿਚ ਲੰਘਾ ਲਈ ਝਾਂਜਰ, 12 ਘੰਟਿਆਂ ਬਾਅਦ ਡਾਕਟਰਾਂ ਨੇ ਕੱਢੀ



ਅਜਮੇਰ, 17 ਜੂਨ (ਪੋਸਟ ਬਿਊਰੋ): ਅਜਮੇਰ ਵਿੱਚ ਇੱਕ ਦੋ ਸਾਲਾ ਬੱਚੀ ਨੇ ਚਾਂਦੀ ਦੀ ਝਾਂਜਰ ਨਿਗਲ ਲਈ। ਜਵਾਹਰ ਲਾਲ ਨਹਿਰੂ ਹਸਪਤਾਲ ਦੇ ਡਾਕਟਰਾਂ ਨੇ ਐਕਸ-ਰੇ ਕਰਕੇ ਝਾਂਜਰ ਦੀ ਸਥਿਤੀ ਦਾ ਪਤਾ ਲਗਾਇਆ।

ਇਸ ਤੋਂ ਬਾਅਦ, ਐਂਡੋਸਕੋਪੀ ਦੀ ਮਦਦ ਨਾਲ ਝਾਂਜਰ ਨੂੰ ਕੱਢਿਆ ਗਿਆ। ਡਾਕਟਰਾਂ ਨੇ ਕਿਹਾ ਕਿ ਜਦੋਂ ਲੜਕੀ ਨੂੰ ਹਸਪਤਾਲ ਲਿਆਂਦਾ ਗਿਆ ਸੀ, ਤਾਂ ਉਸਦੀ ਹਾਲਤ ਬਹੁਤ ਨਾਜ਼ੁਕ ਸੀ।

ਜੇਕਰ ਹੋਰ ਦੇਰੀ ਹੁੰਦੀ ਤਾਂ ਉਸਦੀ ਅੰਤੜੀ ਫਟ ਸਕਦੀ ਸੀ। ਫਿਲਹਾਲ, ਲੜਕੀ ਸਿਹਤਮੰਦ ਹੈ ਅਤੇ ਉਸਨੂੰ ਘਰ ਭੇਜ ਦਿੱਤਾ ਗਿਆ। ਇਹ ਘਟਨਾ ਐਤਵਾਰ (15 ਜੂਨ) ਨੂੰ ਵਾਪਰੀ। ਸੋਮਵਾਰ (16 ਜੂਨ) ਸਵੇਰੇ ਲਗਭਗ 12 ਘੰਟਿਆਂ ਬਾਅਦ ਝਾਂਜਰ ਨੂੰ ਸਰੀਰ ਵਿੱਚੋਂ ਕੱਢਿਆ ਗਿਆ।

ਜਾਣਕਾਰੀ ਅਨੁਸਾਰ, ਲੜਕੀ ਨੇ ਖੇਡਦੇ ਸਮੇਂ ਆਪਣੇ ਇੱਕ ਪੈਰ ਵਿੱਚ ਪਹਿਨੀ ਝਾਂਜਰ ਆਪਣੇ ਮੂੰਹ ਵਿੱਚ ਪਾ ਲਈ। ਇਸਦਾ ਭਾਰ ਲਗਭਗ 10 ਗ੍ਰਾਮ ਸੀ। ਕੁਝ ਸਮੇਂ ਬਾਅਦ, ਉਹ ਰੋਣ ਲੱਗ ਪਈ। ਜਦੋਂ ਉਹ ਕਾਫ਼ੀ ਦੇਰ ਤੱਕ ਚੁੱਪ ਨਾ ਹੋਈ ਤਾਂ ਪਰਿਵਾਰ ਉਸਨੂੰ ਹਸਪਤਾਲ ਲੈ ਗਿਆ। ਦਰਦ ਦੀ ਦਵਾਈ ਦੇਣ ਤੋਂ ਬਾਅਦ, ਉਹ ਐਤਵਾਰ ਰਾਤ ਨੂੰ ਹੀ ਉਸਨੂੰ ਹਸਪਤਾਲ ਤੋਂ ਘਰ ਲੈ ਆਏ।

ਸੋਮਵਾਰ (16 ਜੂਨ) ਸਵੇਰੇ ਵੀ ਬੱਚੀ ਰੋਣ ਲੱਗ ਪਈ। ਪਰਿਵਾਰ ਨੇ ਉਸਨੂੰ ਸ਼ਾਂਤ ਕਰਨ ਦੀ ਬਹੁਤ ਕੋਸ਼ਿਸ਼ ਕੀਤੀ। ਉਹ ਕੁਝ ਵੀ ਖਾ ਨਹੀਂ ਸਕੀ। ਇਸ ਦੌਰਾਨ, ਜਦੋਂ ਮਾਪਿਆਂ ਨੇ ਉਸਦੇ ਪੈਰਾਂ ਵੱਲ ਦੇਖਿਆ ਤਾਂ ਉਨ੍ਹਾਂ ਨੂੰ ਝਾਂਜਰ ਗਾਇਬ ਮਿਲੀ।

ਜਦੋਂ ਉਨ੍ਹਾਂ ਨੂੰ ਸ਼ੱਕ ਹੋਇਆ ਤਾਂ ਉਹ ਤੁਰੰਤ ਉਸਨੂੰ ਹਸਪਤਾਲ ਲੈ ਗਏ। ਇੱਥੇ ਉਨ੍ਹਾਂ ਨੇ ਡਾਕਟਰ ਨੂੰ ਆਪਣੀ ਚਿੰਤਾ ਦੱਸੀ। ਇਸ ਤੋਂ ਬਾਅਦ, ਡਾਕਟਰਾਂ ਨੇ ਤੁਰੰਤ ਐਕਸ-ਰੇ ਕਰਨ ਦਾ ਫੈਸਲਾ ਕੀਤਾ।

ਗੈਸਟ੍ਰੋਐਂਟਰੋਲੋਜੀ ਵਿਭਾਗ ਦੇ ਮੁਖੀ ਡਾ. ਐੱਮ.ਪੀ. ਸ਼ਰਮਾ ਨੇ ਕਿਹਾ ਕਿ ਝਾਂਜਰ 12 ਘੰਟਿਆਂ ਤੋਂ ਵੱਧ ਸਮੇਂ ਤੱਕ ਲੜਕੀ ਦੇ ਪੇਟ ਵਿੱਚ ਰਹੀ। ਸੋਮਵਾਰ ਸਵੇਰੇ 10 ਵਜੇ, ਉਹ ਲੜਕੀ ਨੂੰ ਜੇ.ਐੱਲ.ਐੱਨ. ਹਸਪਤਾਲ ਦੇ ਓ.ਪੀ.ਡੀ. ਵਿੱਚ ਲੈ ਆਏ। ਇਸ ਦੌਰਾਨ ਐਂਡੋਸਕੋਪੀ ਦੀ ਮਦਦ ਨਾਲ ਝਾਂਜਰ ਨੂੰ ਕੱਢਿਆ ਗਿਆ।






# ਜੀ7 ਸੰਮੇਲਨ ਦੌਰਾਨ ਅਮਰੀਕਾ ਅਤੇ ਬ੍ਰਿਟੇਨ ਵਿਚਕਾਰ ਵਪਾਰ ਸਮਝੌਤਾ, ਟਰੰਪ ਨੇ ਯੂਕੇ ਏਅਰੋਸਪੇਸ 'ਤੇ ਟੈਰਿਫ ਨੂੰ ਪੂਰੀ ਤਰ੍ਹਾਂ ਹਟਾਇਆ

## * ਟਰੰਪ ਤੋਂ ਡੀਲ ਦੇ ਪੰਨੇ ਹੇਠਾਂ ਡਿੱਗੇ, ਬ੍ਰਿਟਿਸ਼ ਪ੍ਰਧਾਨ ਮੰਤਰੀ ਨੇ ਚੁੱਕਿਆ *ਅਮਰੀਕੀ ਰਾਸ਼ਟਰਪਤੀ ਆਪਣੇ ਕੋਟ 'ਤੇ ਕੈਨੇਡੀਅਨ ਝੰਡਾ ਲਾ ਕੇ ਪਹੁੰਚੇ

ਓਲਬਰਟਾ, 17 ਜੂਨ (ਪੋਸਟ ਬਿਊਰੋ): ਕੈਨੇਡਾ ਦੇ ਅਲਬਰਟਾ ਸੂਬੇ ਦੇ ਕਨਾਨਾਸਕਿਸ ਵਿੱਚ ਜੀ7 ਸੰਮੇਲਨ ਚੱਲ ਰਿਹਾ ਹੈ। ਪਹਿਲੇ ਦਿਨ ਗੋਲਮੇਜ਼ ਮੀਟਿੰਗ ਅਤੇ ਪਰਿਵਾਰਕ ਫੋਟੋ ਸੈਸ਼ਨ ਹੋਇਆ।

ਡੋਨਾਲਡ ਟਰੰਪ ਦੁਆਰਾ ਯੂਕੇ ਨਾਲ ਵਪਾਰਕ ਡੀਲ ਦੀ ਫਾਈਲ ਦੇ ਪੰਨੇ ਜ਼ਮੀਨ 'ਤੇ ਡਿੱਗ ਗਏ, ਜਿਨ੍ਹਾਂ ਨੂੰ ਬ੍ਰਿਟਿਸ਼ ਪ੍ਰਧਾਨ ਮੰਤਰੀ ਨੇ ਚੁੱਕਿਆ।

ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਸੋਮਵਾਰ ਨੂੰ ਯੂਕੇ 'ਤੇ ਆਯਾਤ ਟੈਰਿਫ ਘਟਾਉਣ ਲਈ ਇੱਕ ਸਮਝੌਤੇ 'ਤੇ ਦਸਤਖਤ ਕੀਤੇ। ਇਹ ਸਮਝੌਤਾ ਕੈਨੇਡਾ ਵਿੱਚ ਜੀ7 ਸੰਮੇਲਨ ਦੌਰਾਨ ਬ੍ਰਿਟਿਸ਼ ਪ੍ਰਧਾਨ ਮੰਤਰੀ ਕੀਰ ਸਟਾਰਮਰ ਨਾਲ ਕੀਤਾ ਗਿਆ ਸੀ।







ਇਸ ਸਮਝੌਤੇ ਵਿੱਚ, ਯੂਕੇ ਆਟੋਮੋਬਾਈਲਜ਼ 'ਤੇ ਟੈਰਿਫ ਘਟਾ ਦਿੱਤੇ ਗਏ ਹਨ। ਬ੍ਰਿਟਿਸ਼ ਕਾਰਾਂ ਨੂੰ ਅਮਰੀਕਾ ਵਿੱਚ 10% ਟੈਰਿਫ ਦੇ ਨਾਲ 1 ਲੱਖ ਕਾਰਾਂ ਦਾ ਕੋਟਾ ਮਿਲੇਗਾ, ਜੋਕਿ ਦੂਜੇ ਦੇਸ਼ਾਂ ਦੇ 25% ਟੈਰਿਫ ਤੋਂ ਘੱਟ ਹੈ।

ਇਸ ਤੋਂ ਇਲਾਵਾ, ਯੂਕੇ ਏਅਰੋਸਪੇਸ 'ਤੇ ਟੈਰਿਫ ਨੂੰ ਪੂਰੀ ਤਰ੍ਹਾਂ ਹਟਾ ਦਿੱਤਾ ਗਿਆ ਹੈ। ਹਾਲਾਂਕਿ, ਸਟੀਲ ਅਤੇ ਐਲੂਮੀਨੀਅਮ ਦੇ ਮੁੱਦੇ 'ਤੇ ਅਜੇ ਤੱਕ ਕੋਈ ਸਮਝੌਤਾ ਨਹੀਂ ਹੋਇਆ ਹੈ। ਅਮਰੀਕਾ ਬ੍ਰਿਟੇਨ ਤੋਂ ਸਟੀਲ ਅਤੇ ਐਲੂਮੀਨੀਅਮ ਦੀ ਦਰਾਮਦ 'ਤੇ ਕੋਟਾ ਲਗਾਏਗਾ, ਪਰ ਇਸ ਲਈ ਬ੍ਰਿਟੇਨ ਨੂੰ ਆਪਣੀ ਸਪਲਾਈ ਅਤੇ ਉਤਪਾਦਨ ਸੁਰੱਖਿਆ ਸਾਬਤ ਕਰਨੀ ਪਵੇਗੀ।

ਟਰੰਪ ਨੇ ਇਸਨੂੰ ਇੱਕ ਬਹੁਤ ਵੱਡਾ ਸੌਦਾ ਕਿਹਾ, ਪਰ ਗਲਤੀ ਨਾਲ ਇਸਨੂੰ ਯੂਰਪੀਅਨ ਸੰਘ ਨਾਲ ਇੱਕ ਸਮਝੌਤਾ ਕਹਿ ਦਿੱਤਾ, ਬਾਅਦ ਵਿੱਚ ਸਪੱਸ਼ਟ ਕੀਤਾ ਕਿ ਇਹ ਬ੍ਰਿਟੇਨ ਨਾਲ ਹੈ। ਸਟਾਰਮਰ ਨੇ ਇਸਨੂੰ ਦੋਨਾਂ ਦੇਸ਼ਾਂ ਲਈ ਮਜ਼ਬੂਤ ਸਬੰਧਾਂ ਦਾ ਪ੍ਰਤੀਕ ਕਿਹਾ।

ਬ੍ਰਿਟਿਸ਼ ਵਪਾਰ ਮੰਤਰੀ ਜੋਨਾਥਨ ਰੇਨੋਲਡਸ ਨੇ ਕਿਹਾ ਕਿ ਇਹ ਸਮਝੌਤਾ ਜਲਦੀ ਹੀ ਲਾਗੂ ਹੋਵੇਗਾ ਅਤੇ ਦੋਵੇਂ ਦੇਸ਼ 13,000 ਟਨ ਬੀਫ ਦਾ ਵਪਾਰ ਕਰਨ ਲਈ ਸਹਿਮਤ ਹੋਏ ਹਨ, ਪਰ ਅਮਰੀਕੀ ਦਰਾਮਦਾਂ ਨੂੰ ਬ੍ਰਿਟੇਨ ਦੇ ਸਖ਼ਤ ਭੋਜਨ ਸੁਰੱਖਿਆ ਮਾਪਦੰਡਾਂ ਨੂੰ ਪੂਰਾ ਕਰਨਾ ਹੋਵੇਗਾ।

ਇਹ ਸਮਝੌਤਾ ਫੈਡਰਲ ਰਜਿਸਟਰ ਵਿੱਚ ਪ੍ਰਕਾਸ਼ਤ ਹੋਣ ਤੋਂ ਸੱਤ ਦਿਨਾਂ ਬਾਅਦ ਲਾਗੂ ਹੋਵੇਗਾ। ਦੋਵੇਂ ਦੇਸ਼ ਦਵਾਈਆਂ ਵਰਗੇ ਹੋਰ ਉਦਯੋਗਾਂ 'ਤੇ ਇੱਕ ਬਿਹਤਰ ਸਮਝੌਤੇ ਲਈ ਕੰਮ ਕਰਨਾ ਜਾਰੀ ਰੱਖਣਗੇ।

# ਏਅਰ ਇੰਡੀਆ ਦੇ ਜਹਾਜ਼ ਵਿੱਚ ਤਕਨੀਕੀ ਖਰਾਬੀ ਕਾਰਨ ਅਹਿਮਦਾਬਾਦ-ਲੰਡਨ ਉਡਾਨ ਕੀਤੀ ਰੱਦ

*** ਅਹਿਮਦਾਬਾਦ ਹਾਦਸੇ ਤੋਂ 5 ਦਿਨ ਬਾਅਦ ਉਡਣਾ ਸੀ ਜਹਾਜ਼**

ਕੋਲਕਾਤਾ, 17 ਜੂਨ (ਪੋਸਟ ਬਿਊਰੋ): ਅਹਿਮਦਾਬਾਦ ਵਿੱਚ ਜਹਾਜ਼ ਹਾਦਸੇ ਤੋਂ ਪੰਜ ਦਿਨ ਬਾਅਦ, ਅਹਿਮਦਾਬਾਦ ਤੋਂ ਲੰਡਨ ਜਾਣ ਵਾਲੀ ਏਅਰ ਇੰਡੀਆ ਦੀ ਪਹਿਲੀ ਉਡਾਣ ਰੱਦ ਕਰ ਦਿੱਤੀ ਗਈ ਹੈ। ਇਸ ਪਿੱਛੇ ਤਕਨੀਕੀ ਖਰਾਬੀ ਨੂੰ ਕਾਰਨ ਦੱਸਿਆ ਗਿਆ ਹੈ।

ਫਲਾਈਟ ਨੰਬਰ ਏਆਈ-159 ਨੇ ਦੁਪਹਿਰ 1:10 ਵਜੇ ਅਹਿਮਦਾਬਾਦ ਤੋਂ ਲੰਡਨ ਲਈ ਉਡਾਣ ਭਰਨੀ ਸੀ। ਜਾਣਕਾਰੀ ਅਨੁਸਾਰ, ਇਹ ਤਕਨੀਕੀ ਖਰਾਬੀ ਉਡਾਣ ਦੇ ਟੇਕਆਫ ਤੋਂ ਕੁਝ ਘੰਟੇ ਪਹਿਲਾਂ ਪਤਾ ਲੱਗੀ।

ਅੱਜ ਦੀ ਉਡਾਣ ਕੱਲ੍ਹ ਮੁੜ ਸ਼ਡਿਊਲ ਕੀਤੀ ਜਾਵੇਗੀ। ਇਸ ਕਾਰਨ ਯਾਤਰੀ ਪ੍ਰੇਸ਼ਾਨ ਹੋ ਰਹੇ ਹਨ। ਇੱਕ ਯਾਤਰੀ ਨੇ ਕਿਹਾ ਕਿ ਜਨਤਾ ਨੂੰ ਇਸ ਤਰ੍ਹਾਂ ਪ੍ਰੇਸ਼ਾਨ ਨਾ ਕਰੋ। ਇੱਥੇ ਆਉਣ ਤੋਂ ਬਾਅਦ, ਤੁਸੀਂ ਦੱਸਦੇ ਹੋ ਕਿ ਉਡਾਣ ਰੱਦ ਕਰ ਦਿੱਤੀ ਗਈ ਹੈ। ਹੁਣ 250 ਲੋਕ ਕੀ ਕਰਨਗੇ? ਉਹ ਕਿੱਥੇ ਰਹਿਣਗੇ? ਏਅਰਲਾਈਨਜ਼ ਵੱਲੋਂ ਕੋਈ ਢੁੱਕਵਾਂ ਪ੍ਰਬੰਧ ਨਹੀਂ ਹੈ।



ਸੈਨ ਫਰਾਂਸਿਸਕੋ ਤੋਂ ਮੁੰਬਈ ਜਾਣ ਵਾਲੀ ਏਅਰ ਇੰਡੀਆ ਦੀ ਇੱਕ ਉਡਾਣ ਵਿੱਚ ਸੋਮਵਾਰ ਰਾਤ ਨੂੰ ਤਕਨੀਕੀ ਖਰਾਬੀ ਆ ਗਈ, ਜਿਸ ਕਾਰਨ ਯਾਤਰੀਆਂ ਨੂੰ ਮੰਗਲਵਾਰ ਸਵੇਰੇ ਕੋਲਕਾਤਾ ਹਵਾਈ ਅੱਡੇ 'ਤੇ ਜਹਾਜ਼ ਤੋਂ ਉਤਰਨਾ ਪਿਆ।

ਫਲਾਈਟ ਨੰਬਰ ਏਆਈ180 ਕੋਲਕਾਤਾ ਰਾਹੀਂ ਮੁੰਬਈ ਜਾ ਰਹੀ ਸੀ। ਬੋਇੰਗ 777-200ਐੱਲਆਰ (ਵਰਲਡਲਾਈਨਰ) ਜਹਾਜ਼ 17 ਜੂਨ ਨੂੰ ਦੁਪਹਿਰ 12:45 ਵਜੇ ਕੋਲਕਾਤਾ ਪਹੁੰਚਿਆ। ਇਸਨੇ ਮੁੰਬਈ ਲਈ ਸਵੇਰੇ 2 ਵਜੇ ਰਵਾਨਾ ਹੋਣਾ ਸੀ।

ਜਹਾਜ਼ ਦੇ ਖੱਬੇ ਇੰਜਣ ਵਿੱਚ ਤਕਨੀਕੀ ਖਰਾਬੀ ਕਾਰਨ ਉਡਾਣ ਭਰਨ ਵਿੱਚ ਦੇਰੀ ਹੋਈ। ਇਸ ਤੋਂ ਬਾਅਦ ਸਵੇਰੇ 5:20 ਵਜੇ ਦੇ ਕਰੀਬ ਕੈਪਟਨ ਨੇ ਯਾਤਰੀਆਂ ਨੂੰ ਜਹਾਜ਼ ਤੋਂ ਉਤਰਨ ਲਈ ਕਿਹਾ। ਉਨ੍ਹਾਂ ਕਿਹਾ ਕਿ ਇਹ ਫੈਸਲਾ ਉਡਾਣ ਸੁਰੱਖਿਆ ਨੂੰ ਧਿਆਨ ਵਿੱਚ ਰੱਖਦੇ ਹੋਏ ਲਿਆ ਗਿਆ ਹੈ।

# ਇੱਕ ਜੁਲਾਈ ਤੋਂ ਅਮਰਨਾਥ ਯਾਤਰਾ ਦੇ ਰੂਟ ਨੂੰ 'ਨੋ ਫਲਾਇੰਗ ਜ਼ੋਨ' ਐਲਾਨਿਆ ਗਿਆ

ਸ੍ਰੀਨਗਰ, 17 ਜੂਨ (ਪੋਸਟ ਬਿਊਰੋ): ਜੰਮੂ ਕਸ਼ਮੀਰ ਦੇ ਗ੍ਰਹਿ ਵਿਭਾਗ ਨੇ ਅਗਲੇ ਮਹੀਨੇ ਤੋਂ ਸ਼ੁਰੂ ਹੋ ਰਹੀ ਅਮਰਨਾਥ ਯਾਤਰਾ ਤੋਂ ਪਹਿਲਾਂ ਤੀਰਥ ਯਾਤਰਾ ਦੇ ਪੂਰੇ ਰੂਟ ਨੂੰ 'ਨੋ ਫਲਾਇੰਗ ਜ਼ੋਨ' ਐਲਾਨ ਦਿੱਤਾ ਹੈ। ਪਾਬੰਦੀ ਦੇ ਇਹ ਹੁਕਮ ਪਹਿਲੀ ਜੁਲਾਈ ਤੋਂ 10 ਅਗਸਤ ਤੱਕ ਅਮਲ ਵਿਚ ਰਹਿਣਗੇ।

ਗ੍ਰਹਿ ਵਿਭਾਗ ਵੱਲੋਂ ਜਾਰੀ ਨੋਟੀਫਿਕੇਸ਼ਨ ਮੁਤਾਬਕ ਅਗਾਮੀ ਅਮਰਨਾਥ ਯਾਤਰਾ, ਜੋ 3 ਜੁਲਾਈ ਤੋਂ 10 ਅਗਸਤ ਲਈ ਤਜਵੀਜ਼ਤ ਹੈ, ਨੂੰ ਅਮਨ ਅਮਾਨ ਤੇ ਸੁਖਾਲੇ ਢੰਗ ਨਾਲ ਨੇਪਰੇ ਚਾੜ੍ਹਨ ਲਈ ਕਈ ਸੁਰੱਖਿਆ ਪ੍ਰਬੰਧ ਕੀਤੇ ਗਏ ਹਨ। ਅਪ੍ਰੈਲ ਵਿੱਚ ਪਹਿਲਗਾਮ ਦਹਿਸ਼ਤੀ ਹਮਲੇ, ਜਿਸ ਵਿਚ 26 ਵਿਅਕਤੀਆਂ ਦੀ ਜਾਨ ਜਾਂਦੀ ਰਹੀ ਸੀ, ਦੇ ਮੱਦੇਨਜ਼ਰ ਅਮਰਨਾਥ ਯਾਤਰਾ ਮੌਕੇ ਵਧੇਰੇ ਇਹਤਿਆਤ ਵਰਤੀ ਜਾ ਰਹੀ ਹੈ।



ਨੋਟੀਫਿਕੇਸ਼ਨ ਵਿਚ ਕਿਹਾ ਗਿਆ ਕਿ ਸਾਰੇ ਸਬੰਧਤ ਭਾਈਵਾਲਾਂ ਨਾਲ ਜੰਮੂ ਕਸ਼ਮੀਰ ਦੇ ਮੌਜੂਦਾ ਸੁਰੱਖਿਆ ਹਾਲਾਤ ਬਾਰੇ ਵਿਚਾਰ ਚਰਚਾ ਤੋਂ ਬਾਅਦ ਕੇਂਦਰੀ ਗ੍ਰਹਿ ਮੰਤਰਾਲੇ ਨੇ ਅਮਰਨਾਥ ਯਾਤਰਾ 2025 ਦੇ ਪੂਰੇ ਰੂਟ ਨੂੰ 'ਨੋ ਫਲਾਇੰਗ ਜ਼ੋਨ' ਐਲਾਨਣ ਦੀ ਸਲਾਹ ਦਿੱਤੀ ਹੈ। ਨੋਟੀਫਿਕੇਸ਼ਨ ਵਿਚ ਕਿਹਾ ਗਿਆ, "ਲਿਹਾਜ਼ਾ ਸ੍ਰੀ ਅਮਰਨਾਥਜੀ ਯਾਤਰਾ, 2025 ਦੌਰਾਨ ਸੁਰੱਖਿਆ ਨੂੰ ਮਜ਼ਬੂਤ ਕਰਨ ਦੇ ਉਦੇਸ਼ ਨਾਲ ਯਾਤਰਾ ਦੇ ਸਾਰੇ ਰੂਟਾਂ ਨੂੰ 'ਨੋ ਫਲਾਇੰਗ ਜ਼ੋਨ' ਐਲਾਨਿਆ ਜਾਂਦਾ ਹੈ, ਜਿਸ ਵਿੱਚ ਪਹਿਲਗਾਮ ਧੁਰਾ ਅਤੇ ਬਾਲਟਾਲ ਧੁਰਾ ਦੋਵੇਂ ਸ਼ਾਮਲ ਹਨ ਅਤੇ ਇਸ ਤਰ੍ਹਾਂ, 1 ਜੁਲਾਈ, 2025 ਤੋਂ 10 ਅਗਸਤ, 2025 ਤੱਕ ਕਿਸੇ ਵੀ ਕਿਸਮ ਦੇ ਹਵਾਬਾਜ਼ੀ ਪਲੇਟਫਾਰਮਾਂ ਅਤੇ ਯੰਤਰਾਂ, ਜਿਵੇਂ ਯੂਏਵੀ, ਡਰੋਨ, ਗੁਬਾਰੇ ਆਦਿ ਸ਼ਾਮਲ ਹਨ, ਦੀ ਉਡਾਣ 'ਤੇ ਪਾਬੰਦੀ ਰਹੇਗੀ।"

ਇਹ ਹੁਕਮ ਉਪ ਰਾਜਪਾਲ ਮਨੋਜ ਸਿਨਹਾ ਦੀ ਅਗਵਾਈ ਵਾਲੇ ਗ੍ਰਹਿ ਵਿਭਾਗ ਵੱਲੋਂ ਜਾਰੀ ਕੀਤੇ ਗਏ ਹਨ। ਮੈਡੀਕਲ ਨਿਕਾਸੀ, ਆਫ਼ਤ ਪ੍ਰਬੰਧਨ ਅਤੇ ਸੁਰੱਖਿਆ ਬਲਾਂ ਵੱਲੋਂ ਨਿਗਰਾਨੀ ਦੇ ਮਾਮਲਿਆਂ ਵਿੱਚ ਇਨ੍ਹਾਂ ਪਾਬੰਦੀਆਂ ਤੋਂ ਛੋਟ ਰਹੇਗੀ।

ਕੈਨੇਡੀਅਨ ਪੰਜਾਬੀ ਪੋਸਟ
Award winning news paper | Canadian Punjabi Post

CLASSIFIEDS

Starting at just $10
ਕਿਸੇ ਵੀ ਤਰ੍ਹਾਂ ਦੀ ਐਡ ਦੇਣ ਲਈ
ਕਾਲ ਕਰੋ: 905-793-2202

**Allseas Fisheries Inc. is Hiring!**
**DZ licensed delivery drivers needed.**
Pay is $24/hour. Full time, permanent
Should work any day of the week, including weekends.
If interested, please forward resume to **rgidda@allseas.net**

## ਲੜਕੀ ਦੀ ਲੋੜ

ਰਾਮਗੜ੍ਹੀਆ ਸਿੱਖ ਲੜਕਾ, 26 ਸਾਲ, 5ਫੁੱਟ, 9ਇੰਚ, ਵਰਕ ਪਰਮਿਟ, ਟਰੱਕ ਡਰਾਈਵਰ, ਨਾਨਡ੍ਰਿੰਕਿੰਗ ਲਈ, ਪੀ.ਆਰ./ਸਿਟੀਜ਼ਨ ਲੜਕੀ ਦੀ ਲੋੜ। ਸੰਪਰਕ: sukh25125@gmail.com ਜਾਂ ਵਟਸਐਪ +16723355016, ਕੋਈ ਜਾਤੀ ਬੰਧਨ ਨਹੀਂ। ਮੈਰਿਜ ਬਿਊਰੋ ਵਾਲੇ ਮੁਆਫ ਕਰਨ।

ਲੁਬਾਣਾ ਸਿੱਖ, 1989 ਕਲੀਨਸ਼ੇਵ, ਗੋਰਾ ਰੰਗ, ਕੱਦ 5'8, ਕੈਨੇਡਾ ਵਿੱਚ ਸਥਾਈ ਨਿਵਾਸੀ (**Italian citizen**) ਲਈ ਖੂਬਸੂਰਤ ਅਤੇ ਪੜ੍ਹੀ ਲਿਖੀ ਲੜਕੀ ਦੀ ਲੋੜ। ਸੰਪਰਕ- 647-449-6746 ਜਾਂ 250-793-0527

Sikh Tonk kashtriya Boy Feb/1993 Born, height 5.11", B.tech in computer science, On work permit PR applied. Working as a supervisor. Looking for beautiful PR/Work permit/ Study permit girl. Caste No Bar. Whatsapp or Call at +91 9417272807, +12269787777

ਜੱਟ ਸਿੱਖ ਲੜਕਾ, ਉਮਰ 28 ਸਾਲ, ਕੱਦ 5 ਫੁੱਟ 10 ਇੰਚ, ਲੜਕੇ ਦੀ ਇਕ ਭੈਣ ਹੈ, ਆਟੋਮੋਟਿਵ ਪਾਵਰ ਟੈਕਨੀਸ਼ੀਅਨ, ਆਟੋਮੋਬਾਇਲ ਇੰਡਸਟਰੀ ਵਿਚ ਮਿਕੈਨਿਕ ਦੇ ਤੌਰ 'ਤੇ ਕੰਮ ਕਰ ਰਿਹਾ ਹੈ, ਕੈਨੇਡੀਅਨ ਪੀਆਰ ਹੈ, ਲਈ ਜੱਟ ਸਿੱਖ, ਪੜ੍ਹੀ ਲਿਖੀ ਲੜਕੀ ਦੀ ਲੋੜ ਹੈ। ਲੜਕੀ ਕੈਨੇਡਾ ਵਿਚ ਵਰਕ ਪਰਮਿਟ ਉਤੇ ਹੋਵੇ, ਸਟੱਡੀ ਪਰਮਿਟ ਉਤੇ ਜਾਂ ਪੀਆਰ ਹੋਲਡਰ ਹੋਵੇ। ਸੰਪਰਕ: (289) 380-6898

ਲੁਬਾਣਾ ਸਿੱਖ ਲੜਕਾ ਕੈਨੇਡੀਅਨ ਸਿਟੀਜ਼ਨ, ਉਮਰ 29, ਹਾਈਟ 5 ਫੁੱਟ 8 ਇੰਚ, ਸੈਲਫ ਇੰਪਲਾਇਡ ਲਈ ਬੀਐੱਸਸੀ ਨਰਸਿੰਗ ਜਾਂ ਵਰਕ ਪਰਮਿਟ 'ਤੇ ਆਈ ਲੜਕੀ ਦੀ ਜ਼ਰੂਰਤ ਹੈ।ਲੁਬਾਣਾ ਬਰਾਦਰੀ ਨੂੰ ਪਹਿਲ ਦਿੱਤੀ ਜਾਵੇਗੀ। ਸੰਪਰਕ: 7093510275

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen Contact on 6473004877 Email :- komal1128@gmail.com

**ਸੈਲ ਐਂਡ ਫਿਕਸ**



ਟ੍ਰਕ ਡਰਾਇਵਰਾਂ ਤੇ ਸਟੂਡੈਂਟਾਂ ਲਈ ਧਮਾਕੇਦਾਰ ਤੇ ਸਸਤੇ ਫੋਨ ਪਲੈਨ।
ਫੋਨ: 905-790-9999
2565 Steeles Ave E unit 3, Brampton, ON L6T 4L6




## ਲੜਕੀ ਦੀ ਲੋੜ

**Well settled Canada Citizen Khatri Boy,** Punjabi Vegetarian, No Drinking/smoking family, Handsome, M.Com LLB 1987 6"ft. height. Legally devorced, very short marriage. Senior service, Loan officer in Major Canada Bank. We are close knit family, requires all-caste, punjabi educated girl in Canada OR INDIA. New Comers also Considered on PR. Work permit Parents. Please Call or whattsapp +1 437-446 8681

ਕੈਨੇਡੀਅਨ ਸਿਟੀਜ਼ਨ, ਕੈਨੇਡਾ ਦੇ ਦੋ ਸੂਬਿਆਂ ਵਿਚ ਸਫ਼ਲ ਸਥਾਪਿਤ ਆਪਣਾ ਕਾਰੋਬਾਰ ਕਰਦੇ ਵੈੱਲ ਸੈਟਲਡ ਪਰਿਵਾਰ ਦੇ ਕੈਨੇਡਾ ਵਿਚ 16 ਸਾਲ ਤੋਂ ਰਹਿ ਰਹੇ ਲੜਕੇ, ਉਮਰ 32 ਸਾਲ, ਕੱਦ 5 ਫੁੱਟ, 10 ਇੰਚ, ਲਈ ਯੋਗ ਲੜਕੀ ਦੀ ਜ਼ਰੂਰਤ। ਸੰਪਰਕ ਕਰੋ: 204-510-7658 ਜਾਂ 437-881-7282

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5'9", ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ।
ਸੰਪਰਕ: 437-223-2664

ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5'11'', B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeepkaurthind9@gmail.com.

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਅੱਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5"8 ਸਾਰੀ ਫੈਮਲੀ ਕਨੈਡਾ ਵਿਚ । ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013




## ਲੜਕੇ ਦੀ ਲੋੜ

ਜੱਟ ਸਿੱਖ ਸਿੱਧੂ ਪਰਿਵਾਰ ਦੀ ਲੜਕੀ, 28 ਸਾਲ, 5'6", ਕੇਨੈਡਾ ਵਿੱਚ ਵਿਜਟਰ ਵੀਜ਼ੇ 'ਤੇ ਰਹਿ ਰਹੀ ਲੜਕੀ ਲਈ ਕੈਨੇਡੀਅਨ ਸਿਟੀਜਨ/ਪੀ.ਆਰ. ਜੱਟ ਸਿੱਖ ਲੜਕੇ ਦੀ ਜ਼ਰੂਰਤ। ਸੰਪਰਕ: 647-203-7573

ਕੈਨੇਡਾ (ਬਰੈਪਟਨ) ਪੀ ਆਰ ਦਰਜੀ ਸਿੰਘ (ਛੀਂਬਾ) ਤਲਾਕਸ਼ੁਦਾ ਲੜਕੀ B.Sc.Nursing, 33 ਸਾਲ 5' 2" ਲਈ ਪਗੜੀਧਾਰੀ ਲੜਕੇ ਦੀ ਲੋੜ। +919417939114

Need suitable match for 58 years old Hindu (Khatri) lady (Non Manglik), Height 5'3". Seeking a trustworthy man upto 65 years. Contact :- 647-323-5428.

Qualified match for beautiful never married Punjabi Khatri girl 5'7" 35 years Software Engineer at Toronto .Canada PR. Well settled in IT job . Good family.call +16475649350 email marti.mail.20@gmail.com

Saini Sikh family seeks a suitable match for their beautiful daughter, born and raised in Canada, 36 years old, slim, 5'4" tall, has a bachelor's degree, has a good job, divorced after short marriage. The boy should be educated, well settled, handsome, Canadian born. Please send bio-data and pictures on whatsapp. Phone :- 437-288-6010. Caste no bar.

'Qualified match for beautiful never married 81 born girl, Canada PR, well settled in job with Pharma co at Toronto. Call: +16475649350, Email: skvmatri49@gmail.com

Seeking a suitable match for Canadian citizen Ramdasia Sikh (GNM). Born August 1987 and height 5'1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090, ਈਮੇਲ- Singhmanmohan2006@gmail.com




## ਲੜਕੇ ਦੀ ਲੋੜ

suitable match for **Sikh Jatt Girl.** Born in Jan 1995, 5'5" tall. **working with the Government of Canada** and resides in Canada. She is a blend of modern values and traditional upbringing—cultured, respectful, and family-oriented.
looking for a professionally qualified, well-settled Sikh Jatt boy from a respectable family, preferably residing in Canada.
**Contact: +1 306 302 9009**

ਗਿੱਲ ਜੱਟ ਸਿੱਖ, 1992, ਇੱਕਲੌਤੀ, B.Tech. ਲੜਕੀ ਲਈ ਗੁਰਸਿੱਖ ਕੈਨੇਡੀਅਨ ਸੈਟਲਡ ਪਰਿਵਾਰ ਦੇ ਲੜਕੇ ਦੀ ਲੋੜ। ਸੰਪਰਕ: 9464034653, 2364582228

ਜੱਟ ਸਿੱਖ ਲੜਕੀ, ਉਮਰ 27 ਸਾਲ, ਕੱਦ 5 ਫੁੱਟ 4", ਬੀ.ਏ ਪਾਸ, ਹੇਅਰ ਐਂਡ ਸਕਿੱਨ ਕੇਅਰ ਡਿਪਲੋਮਾ (ਆਈ. ਟੀ.ਆਈ) ਕੰਪਿਊਟਰ ਡਿਪਲੋਮਾ ਇੱਕ ਸਾਲ ਕੀਤਾ ਹੋਇਆ, ਵਿਜ਼ਟਰ ਵੀਜ਼ੇ 'ਤੇ ਕੇਨੈਡਾ ਆਈ ਹੋਈ, ਲਈ ਕੈਨੇਡੀਅਨ ਜੱਟ ਸਿੱਖ ਪੀ.ਆਰ ਲੜਕੇ ਦੀ ਲੋੜ। ਸੰਪਰਕ: 1-905-451-1716, +919876533403

ਕੈਨੇਡਾ ਪੀ ਆਰ ਲੜਕੀ ਲਈ ਵਰ ਦੀ ਲੋੜ, 1991/5'3", ਲਈ ਸ਼ੁਧ ਵੈਸ਼ਨੂੰ ਲੜਕੇ ਦੀ ਲੋੜ। ਕੈਨੇਡਾ ਨੂੰ ਪਹਿਲ। ਸੰਪਰਕ: 9855238175

ਜੱਟ ਸਿੱਖ 1996/5'-3'', ਇੰਟਰਨੈਸ਼ਨਲ ਬਿਜ਼ਨੈੱਸ ਮੈਨੇਜਮੈਂਟ (ਕੈਨੇਡਾ ਪੀ-ਆਰ) ਲੜਕੀ ਲਈ ਕੈਨੇਡਾ ਪੀਆਰ/ਨਾਨ-ਪੀਆਰ ਲੜਕਾ ਚਾਹੀਦਾ ਹੈ। ਮਾਲਵੇ ਨੂੰ ਤਰਜੀਹ। ਸੰਪਰਕ: 9478403300

ਜੱਟ ਸਿੱਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈੱਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿੱਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5'11'' ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5'2" ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664

# ਭਾਰਤੀ ਨਾਗਰਿਕਾਂ ਨੂੰ ਤਹਿਰਾਨ ਛੱਡਣ ਤੇ ਸੁਰੱਖਿਅਤ ਟਿਕਾਣਿਆਂ ’ਤੇ ਜਾਣ ਦੀ ਸਲਾਹ

ਨਵੀਂ ਦਿੱਲੀ, 17 ਜੂਨ (ਪੋਸਟ ਬਿਊਰੋ): ਇਰਾਨ ਤੇ ਇਜ਼ਰਾਈਲ ਵਿਚ ਵਧਦੇ ਟਕਰਾਅ ਦਰਮਿਆਨ ਤਹਿਰਾਨ ਵਿਚ ਮੌਜੂਦ ਸਾਰੇ ਭਾਰਤੀਆਂ ਨੂੰ ਸ਼ਹਿਰ ਤੋਂ ਬਾਹਰ ਸੁਰੱਖਿਅਤ ਟਿਕਾਣਿਆਂ ’ਤੇ ਜਾਣ ਤੇ ਭਾਰਤੀ ਦੂਤਾਵਾਸ ਦੇ ਰਾਬਤੇ ਵਿਚ ਰਹਿਣ ਦੀ ਸਲਾਹ ਦਿੱਤੀ ਗਈ ਹੈ। ਉਧਰ ਭਾਰਤੀ ਵਿਦੇਸ਼ ਮੰਤਰਾਲੇ ਨੇ ਇਰਾਨ ਅਤੇ ਇਜ਼ਰਾਈਲ ਵਿੱਚ ਚੱਲ ਰਹੀ ਜੰਗ ਦੇ ਮੱਦੇਨਜ਼ਰ ਮੰਤਰਾਲੇ ਵਿੱਚ 24 ਘੰਟੇ ਸੱਤੇ ਦਿਨ ਕੰਟਰੋਲ ਰੂਮ ਤੇ ਐਮਰਜੈਂਸੀ ਹੈਲਪਲਾਈਨ ਸਥਾਪਤ ਕੀਤੀ ਹੈ।

ਤਹਿਰਾਨ ਵਿਚ ਭਾਰਤੀ ਅੰਬੈਸੀ ਨੇ ਐਕਸ ’ਤੇ ਇਕ ਪੋਸਟ ਵਿਚ ਕਿਹਾ ਕਿ ਸਾਰੇ ਭਾਰਤੀ ਨਾਗਰਿਕ, ਜੋ ਤਹਿਰਾਨ ਵਿੱਚ ਹਨ ਅਤੇ ਦੂਤਾਵਾਸ ਦੇ ਸੰਪਰਕ ਵਿੱਚ ਨਹੀਂ ਹਨ, ਉਨ੍ਹਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਤੁਰੰਤ ਤਹਿਰਾਨ ਵਿੱਚ



ਭਾਰਤੀ ਦੂਤਾਵਾਸ ਨਾਲ ਰਾਬਤਾ ਕਰਕੇ ਆਪਣੇ ਟਿਕਾਣੇ ਅਤੇ ਸੰਪਰਕ ਨੰਬਰ ਬਾਰੇ ਜਾਣਕਾਰੀ ਦੇਣ। ਕ੍ਰਿਪਾ ਕਰਕੇ ਇਨ੍ਹਾਂ ਨੰਬਰਾਂ +989010144557, +989128109115, +989128109109 ਨਾਲ ਸੰਪਰਕ ਕੀਤਾ ਜਾ ਸਕਦਾ ਹੈ।

ਭਾਰਤੀ ਵਿਦੇਸ਼ ਮੰਤਰਾਲੇ ਨੇ ਨਵੀਂ ਦਿੱਲੀ ਵਿਚ ਕਿਹਾ ਕਿ ਇਰਾਨ ਅਤੇ ਇਜ਼ਰਾਈਲ ਵਿੱਚ ਚੱਲ ਰਹੀ ਜੰਗ ਦੇ ਮੱਦੇਨਜ਼ਰ ਮੰਤਰਾਲੇ ਵਿੱਚ 24×7 ਕੰਟਰੋਲ ਰੂਮ ਸਥਾਪਤ ਕੀਤਾ ਗਿਆ ਹੈ। ਬਿਆਨ ਵਿਚ ਕਿਹਾ ਗਿਆ ਕਿ ਕੰਟਰੋਲ ਰੂਮ ਦੇ ਸੰਪਰਕ ਵੇਰਵੇ 1800118797 (ਟੋਲ-ਫ੍ਰੀ), +91-11-23012113, +91-11-23014104, +91-11-23017905 +91-9968291988 (ਵਟਸਐਪ) ਅਤੇ situationroom@mea.gov.in

## ਆਮਦਨ ਤੋਂ ਵੱਧ ਜਾਇਦਾਦ ਬਣਾਉਣ ਦੇ ਦੋਸ਼ ਹੇਠ ਨਾਇਬ ਤਹਿਸੀਲਦਾਰ ਗ੍ਰਿਫ਼ਤਾਰ



ਚੰਡੀਗੜ੍ਹ, 17 ਜੂਨ (ਪੋਸਟ ਬਿਊਰੋ): ਪੰਜਾਬ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਚਲਾਈ ਮੁਹਿੰਮ ਤਹਿਤ ਪੰਜਾਬ ਵਿਜੀਲੈਂਸ ਬਿਊਰੋ ਨੇ ਨਾਇਬ ਤਹਿਸੀਲਦਾਰ ਵਰਿੰਦਰਪਾਲ ਸਿੰਘ ਧੂਤ ਵਾਸੀ ਪਿੰਡ ਧੂਤ ਕਲਾਂ, ਹੁਸ਼ਿਆਰਪੁਰ ਨੂੰ ਆਮਦਨ ਤੋਂ ਵੱਧ ਜਾਇਦਾਦ ਰੱਖਣ ਦੇ ਦੋਸ਼ ਵਿੱਚ ਗ੍ਰਿਫ਼ਤਾਰ ਕੀਤਾ ਹੈ।

ਅੱਜ ਇੱਥੇ ਇਹ ਖੁਲਾਸਾ ਕਰਦੇ ਹੋਏ ਰਾਜ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਕਿਹਾ ਕਿ ਇਹ ਗ੍ਰਿਫ਼ਤਾਰੀ ਜਲੰਧਰ ਰੇਂਜ ਵੱਲੋਂ ਕੀਤੀ ਗਈ ਵਿਜੀਲੈਂਸ ਜਾਂਚ ਤੋਂ ਬਾਅਦ ਅਮਲ ਵਿੱਚ ਲਿਆਂਦੀ ਗਈ ਹੈ ਜਿਸ ਵਿੱਚ ਧੂਤ ਵੱਲੋਂ ਆਪਣੇ ਅਤੇ ਆਪਣੇ ਪਰਿਵਾਰਕ ਮੈਂਬਰਾਂ ਦੇ ਨਾਂ ’ਤੇ ਆਪਣੀ ਜਾਇਜ਼ ਕਮਾਈ ਤੋਂ ਵੱਧ ਜਾਇਦਾਦ ਇਕੱਠੀ ਕਰਨ ਦੇ ਦੋਸ਼ਾਂ ਦੀ ਜਾਂਚ ਕੀਤੀ ਗਈ ਸੀ ।

ਬੁਲਾਰੇ ਨੇ ਅੱਗੇ ਕਿਹਾ ਕਿ ਤਫ਼ਤੀਸ਼ ਦੌਰਾਨ 1 ਜਨਵਰੀ, 2009 ਤੋਂ 31 ਦਸੰਬਰ, 2018 ਤੱਕ ਦੀ ਮਿਆਦ ਦੀ ਜਾਂਚ ਕੀਤੀ ਗਈ ਸੀ। ਜਾਂਚ ਤੋਂ ਪਤਾ ਲੱਗਾ ਹੈ ਕਿ ਇਸ ਵਕਫ਼ੇ ਦੌਰਾਨ ਧੂਤ ਦੇ ਸਾਰੇ ਸਰੋਤਾਂ ਅਤੇ ਵਸੀਲਿਆਂ ਤੋਂ ਕੁੱਲ ਆਮਦਨ 3,58,97,111.59 ਰੁਪਏ ਸੀ ਜਦਕਿ ਉਸਦਾ ਕੁੱਲ ਖਰਚ ਅਤੇ ਜਾਇਦਾਦ 11,18,34,544.22 ਰੁਪਏ ਦੀ ਸੀ- ਜੋ ਉਸਦੀ ਕਾਨੂੰਨੀ ਆਮਦਨ ਨਾਲੋਂ 7,59,37,432.63 ਰੁਪਏ (211.54 ਫ਼ੀਸਦ) ਵੱਧ ਹੈ।

ਬੁਲਾਰੇ ਨੇ ਦੱਸਿਆ ਕਿ ਇਸ ਮਹੱਤਵਪੂਰਨ ਅਸਮਾਨਤਾ ਤੋਂ ਪਤਾ ਲਗਦਾ ਹੈ ਕਿ ਧੂਤ ਨੇ ਇੱਕ ਜਨਤਕ ਸੇਵਕ ਵਜੋਂ ਸੇਵਾ ਨਿਭਾਉਂਦੇ ਹੋਏ, ਬੇਹਿਸਾਬੀ ਅਚੱਲ ਅਤੇ ਚੱਲ ਜਾਇਦਾਦ ਪ੍ਰਾਪਤ ਕੀਤੀ ਅਤੇ ਆਪਣੀ ਜਾਇਜ਼ ਕਮਾਈ ਤੋਂ ਕਿਤੇ ਵੱਧ ਫੰਡ ਖਰਚ ਕੀਤੇ, ਜੋ ਭ੍ਰਿਸ਼ਟਾਚਾਰ ਵਿਰੋਧੀ ਕਾਨੂੰਨਾਂ ਦੀ ਸਿੱਧੀ-ਸਿੱਧੀ ਉਲੰਘਣਾ ਹੈ।

ਇਸ ਸਬੰਧ ਵਿੱਚ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਵਿਜੀਲੈਂਸ ਬਿਊਰੋ ਪੁਲਿਸ ਥਾਣਾ, ਜਲੰਧਰ ਰੇਂਜ ਵਿਖੇ ਮੁਕੱਦਮਾ ਦਰਜ ਕੀਤਾ ਗਿਆ ਹੈ ਅਤੇ ਦੋਸ਼ੀ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ ਹੈ। ਉਸਨੂੰ ਕੱਲ੍ਹ ਸਮਰੱਥ ਅਦਾਲਤ ਵਿੱਚ ਪੇਸ਼ ਕੀਤਾ ਜਾਵੇਗਾ ਅਤੇ ਇਸ ਕੇਸ ਦੀ ਅਗਲੇਰੀ ਜਾਂਚ ਜਾਰੀ ਹੈ।

## ਮਨੀ ਲਾਂਡਰਿੰਗ ਮਾਮਲੇ ਵਿੱਚ ਈਡੀ ਅੱਗੇ ਪੇਸ਼ ਨਹੀਂ ਹੋਏ ਵਾਡਰਾ

ਨਵੀਂ ਦਿੱਲੀ, 17 ਜੂਨ (ਪੋਸਟ ਬਿਊਰੋ): ਕਾਂਗਰਸ ਸੰਸਦ ਮੈਂਬਰ ਪ੍ਰਿਯੰਕਾ ਗਾਂਧੀ ਵਾਡਰਾ ਦੇ ਕਾਰੋਬਾਰੀ ਪਤੀ ਰਾਬਰਟ ਵਾਡਰਾ ਨੇ ਯੂਕੇ ਸਥਿਤ ਹਥਿਆਰ ਸਲਾਹਕਾਰ ਸੰਜੇ ਭੰਡਾਰੀ ਨਾਲ ਜੁੜੇ ਮਨੀ ਲਾਂਡਰਿੰਗ ਮਾਮਲੇ ਵਿੱਚ ਲਗਾਤਾਰ ਦੂਜੀ ਵਾਰ ਐਨਫੋਰਸਮੈਂਟ ਡਾਇਰੈਕਟੋਰੇਟ ਦੇ ਸਾਹਮਣੇ ਆਪਣੀ ਤੈਅ ਪੇਸ਼ੀ ਨੂੰ ਨਜ਼ਰਅੰਦਾਜ਼ ਕਰ ਦਿੱਤਾ ਹੈ। ਇਹ ਜਾਣਕਾਰੀ ਅਧਿਕਾਰਤ ਸੂਤਰਾਂ ਨੇ ਮੰਗਲਵਾਰ ਨੂੰ ਦਿੱਤੀ।

ਵਾਡਰਾ ਦੇ ਵਕੀਲ ਨੇ ਕਿਹਾ ਕਿ ਉਨ੍ਹਾਂ ਦੇ ਮੁਵੱਕਿਲ ਆਪਣੀ ਧੀ ਦੇ ਗ੍ਰੈਜੂਏਸ਼ਨ ਸਮਾਰੋਹ ਵਿੱਚ ਸ਼ਾਮਲ ਹੋਣ ਲਈ ਅਦਾਲਤ ਦੀ ‘ਅਗਾਊਂ’ ਇਜਾਜ਼ਤ ਨਾਲ ਵਿਦੇਸ਼ ਯਾਤਰਾ ਕਰ ਰਹੇ ਹਨ। ਦੱਸਣਯੋਗ ਹੈ ਕਿ ਈਡੀ ਨੇ ਇਸ ਤੋਂ ਪਹਿਲਾਂ ਉਨ੍ਹਾਂ ਨੂੰ 10 ਜੂਨ ਨੂੰ ਪੇਸ਼ ਹੋਣ ਲਈ ਤਲਬ ਕੀਤਾ ਸੀ, ਪਰ ਉਹ ਉਦੋਂ ਵੀ ਪੇਸ਼ ਨਹੀਂ ਹੋਏ ਸਨ। ਇਸ ਤੋਂ ਬਾਅਦ ਉਨ੍ਹਾਂ ਨੂੰ ਮੰਗਲਵਾਰ (17 ਜੂਨ) ਨੂੰ ਪੇਸ਼ ਹੋਣ ਲਈ ਕਿਹਾ ਗਿਆ ਸੀ।

ਸੰਘੀ ਜਾਂਚ ਏਜੰਸੀ ਉਨ੍ਹਾਂ ਦੇ ਜਵਾਬ ਦੀ ਜਾਂਚ ਕਰਨ ਤੋਂ ਬਾਅਦ



ਉਨ੍ਹਾਂ ਨੂੰ ਨਵੀਂ ਤਾਰੀਖ ਦੇ ਸੰਮਨ ਜਾਰੀ ਕਰ ਸਕਦੀ ਹੈ। ਵਕੀਲ ਸੁਮਨ ਜੋਤੀ ਖੇਤਾਨ ਨੇ ਕਿਹਾ ਕਿ ਯਾਤਰਾ ਦੀ ਇਜਾਜ਼ਤ (17 ਜੂਨ) ਨਵੀਨਤਮ ਸੰਮਨਾਂ ਦੀ ਤਾਮੀਲ ਤੋਂ ਬਹੁਤ ਪਹਿਲਾਂ ਪ੍ਰਾਪਤ ਕਰ ਲਈ ਗਈ ਸੀ ਅਤੇ ਈਡੀ ਨੂੰ ਵੀ ਇੱਕ ਸੂਚਨਾ ਭੇਜ ਦਿੱਤੀ ਗਈ ਹੈ।

ਉਨ੍ਹਾਂ ਕਿਹਾ ਕਿ ਵਾਡਰਾ ਨੇ ਵਾਰ-ਵਾਰ ਕਿਹਾ ਹੈ ਕਿ ਉਹ ਈਡੀ ਨੂੰ ਪੂਰਾ ਸਹਿਯੋਗ ਦੇਣ ਲਈ ਉਪਲਬਧ ਹਨ ਜਿਵੇਂ ਕਿ ਉਹ ਪਹਿਲਾਂ ਸਾਰੇ ਮੌਕਿਆਂ ’ਤੇ ਕਰਦੇ ਰਹੇ ਹਨ। ਉਹ ਵਿਦੇਸ਼ ਤੋਂ ਪਰਤਣ ’ਤੇ ਅਤੇ ਜੇ ਲੋੜ ਹੋਵੇ ਤਾਂ ਵਿਦੇਸ਼ ਵਿੱਚ ਆਪਣੇ ਠਹਿਰਾਅ ਦੌਰਾਨ ਵੀਡੀਓ ਕਾਨਫਰੰਸ ਰਾਹੀਂ ਆਪਣਾ ਬਿਆਨ ਦਰਜ ਕਰਵਾਉਣ ਲਈ ਵੀ ਤਿਆਰ ਹਨ।

## ਲੁਧਿਆਣਾ ਪੱਛਮੀ ਜ਼ਿਮਨੀ ਚੋਣ ਵਿੱਚ ਵੋਟਰਾਂ ਦੀ ਸੁਵਿਧਾ ਲਈ ਚੋਣ ਕਮਿਸ਼ਨ ਵੱਲੋਂ ਮੋਬਾਈਲ ਜਮ੍ਹਾਂ ਕਰਵਾਉਣ ਦੀ ਸਹੂਲਤ ਸ਼ੁਰੂ

ਚੰਡੀਗੜ੍ਹ, 17 ਜੂਨ (ਪੋਸਟ ਬਿਊਰੋ): ਚੋਣਾਂ ਵਿੱਚ ਵੋਟਰਾਂ ਦੀ ਸਹੂਲਤ ਵਧਾਉਣ ਲਈ ਭਾਰਤੀ ਚੋਣ ਕਮਿਸ਼ਨ ਨੇ ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਦੀ ਅਗਵਾਈ ਹੇਠ ਇੱਕ ਨਵੀਂ ਪਹਿਲਕਦਮੀ ਸ਼ੁਰੂ ਕੀਤੀ ਹੈ, ਜਿਸ ਤਹਿਤ ਮੋਬਾਈਲ ਫੋਨ ਜਮ੍ਹਾਂ ਕਰਵਾਉਣ ਦੀ ਸੁਵਿਧਾ ਹਰ ਪੋਲਿੰਗ ਸਟੇਸ਼ਨ 'ਤੇ ਉਪਲਬਧ ਕਰਵਾਈ ਜਾ ਰਹੀ ਹੈ। ਇਹ ਸਹੂਲਤ ਆ ਰਹੀਆਂ ਜ਼ਿਮਨੀ ਚੋਣਾਂ ਤੋਂ ਲਾਗੂ ਕੀਤੀ ਜਾ ਰਹੀ ਹੈ। ਇਸ ਵਿੱਚ 19 ਜੂਨ ਨੂੰ ਹੋਣ ਵਾਲੀ ਪੰਜਾਬ ਵਿਧਾਨ ਸਭਾ ਹਲਕਾ 64-ਲੁਧਿਆਣਾ ਪੱਛਮੀ ਦੀ ਚੋਣ ਵੀ ਸ਼ਾਮਲ ਹੈ।

ਇਹ ਨਵੀਂ ਸਹੂਲਤ ਭਾਰਤੀ ਚੋਣ ਕਮਿਸ਼ਨ ਵੱਲੋਂ 23 ਮਈ 2025 ਨੂੰ ਜਾਰੀ ਨਿਰਦੇਸ਼ਾਂ ਦੇ ਅਧਾਰ 'ਤੇ ਸ਼ੁਰੂ ਕੀਤੀ ਗਈ ਹੈ, ਜਿਸ ਦਾ ਉਦੇਸ਼ ਵੋਟਰਾਂ ਦੇ ਤਜ਼ਰਬੇ ਨੂੰ ਬਿਹਤਰ ਬਣਾਉਣਾ ਅਤੇ ਚੋਣ ਸੰਚਾਲਨ ਨਿਯਮਾਂ, 1961 ਦੇ ਨਿਯਮ 49ਐੱਮ ਦੇ ਤਹਿਤ ਵੋਟਿੰਗ ਦੀ ਗੁਪਤਤਾ ਨੂੰ ਬਰਕਰਾਰ ਰੱਖਣਾ ਹੈ। ਹੁਣ ਵੋਟਰ ਪੋਲਿੰਗ ਸਟੇਸ਼ਨ 'ਤੇ ਆਉਣ ਵੇਲੇ ਆਪਣੇ ਮੋਬਾਈਲ ਫੋਨ ਬਾਹਰ



ਦਰਵਾਜ਼ੇ ਕੋਲ ਬਣਾਏ ਵਿਸ਼ੇਸ਼ ਕਾਊਂਟਰਾਂ 'ਤੇ ਜਮ੍ਹਾਂ ਕਰਵਾ ਸਕਣਗੇ। ਇਹ ਕਾਊਂਟਰ ਚੋਣ ਕਮਿਸ਼ਨ ਦੇ ਨਿਰਦੇਸ਼ਾਂ ਅਨੁਸਾਰ ਜੂਟ ਜਾਂ ਕੱਪੜੇ ਦੇ ਮੋਬਾਈਲ ਹੋਲਡਰਾਂ ਦੀ ਵਰਤੋਂ ਕਰਦੇ ਹੋਏ ਸਿਖਲਾਈ ਪ੍ਰਾਪਤ ਵਲੰਟੀਅਰਾਂ ਵੱਲੋਂ ਚਲਾਏ ਜਾਣਗੇ।

ਇਹ ਸਹੂਲਤ ਸਾਰੇ ਵੋਟਰਾਂ, ਖਾਸ ਕਰਕੇ ਔਰਤਾਂ, ਬਜ਼ੁਰਗ ਨਾਗਰਿਕਾਂ ਅਤੇ ਦਿਵਿਆਂਗ ਵਿਅਕਤੀਆਂ ਦੀ ਸਹੂਲਤ ਲਈ ਸ਼ੁਰੂ ਕੀਤੀ ਗਈ ਹੈ, ਜਿਨ੍ਹਾਂ ਨੂੰ ਅਕਸਰ ਆਪਣੇ ਮੋਬਾਈਲ ਫੋਨਾਂ ਤੋਂ ਬਿਨਾਂ ਮੁਸ਼ਕਲ ਦਾ ਸਾਹਮਣਾ ਕਰਨਾ ਪੈਂਦਾ ਹੈ। ਹਾਲਾਂਕਿ, ਪੋਲਿੰਗ ਸਟੇਸ਼ਨ ਅੰਦਰ ਮੋਬਾਈਲ ਫੋਨ ਲਿਜਾਣ ਦੀ ਇਜਾਜ਼ਤ ਨਹੀਂ ਹੋਵੇਗੀ ਅਤੇ 100 ਮੀਟਰ ਦੇ ਦਾਇਰੇ ਵਿੱਚ ਮੋਬਾਈਲ ਫੋਨ ਬੰਦ ਕਰਨਾ ਲਾਜ਼ਮੀ ਹੋਵੇਗਾ, ਤਾਂ ਜੋ ਚੋਣ ਪ੍ਰਕਿਰਿਆ ਦੀ ਗੁਪਤਤਾ ਅਤੇ ਮਰਿਆਦਾ ਬਣੀ ਰਹੇ।

ਪੰਜਾਬ ਦੇ ਮੁੱਖ ਚੋਣ ਅਧਿਕਾਰੀ ਸਿਬਿਨ ਸੀ ਨੇ ਇਸ ਪਹਿਲਕਦਮੀ ਦੇ ਪਾਇਲਟ ਪ੍ਰੋਗਰਾਮ ਬਾਰੇ ਕਿਹਾ ਕਿ ਲੁਧਿਆਣਾ ਪੱਛਮੀ ਜ਼ਿਮਨੀ ਚੋਣ ਦੌਰਾਨ ਮੋਬਾਈਲ ਫੋਨ ਜਮ੍ਹਾਂ ਕਰਨ ਦੀ ਸਹੂਲਤ ਲਾਗੂ ਕਰਨਾ ਚੋਣ ਕਮਿਸ਼ਨ ਦੇ ਵੱਡੇ ਉਦੇਸ਼ ਦਾ ਹਿੱਸਾ ਹੈ, ਜਿਸ ਰਾਹੀਂ ਵੋਟਰਾਂ ਲਈ ਸੁਵਿਧਾਵਾਂ ਵਿੱਚ ਸੁਧਾਰ ਹੋਵੇਗਾ ਅਤੇ ਵੋਟਿੰਗ ਦੀ ਗੁਪਤਤਾ ਨੂੰ ਵੀ ਬਰਕਰਾਰ ਰੱਖਿਆ ਜਾ ਸਕੇਗਾ।

ਉਨ੍ਹਾਂ ਕਿਹਾ ਕਿ ਇਹ ਸਹੂਲਤ ਲੁਧਿਆਣਾ ਪੱਛਮੀ ਹਲਕੇ ਦੇ ਸਾਰੇ 194 ਪੋਲਿੰਗ ਸਟੇਸ਼ਨਾਂ ਉੱਤੇ ਇਕਸਾਰ ਢੰਗ ਨਾਲ ਲਾਗੂ ਕੀਤੀ ਜਾਵੇਗੀ। ਇਹ ਵੀ ਯਕੀਨੀ ਬਣਾਇਆ ਜਾਵੇਗਾ ਕਿ ਵੋਟਿੰਗ ਤੋਂ ਬਾਅਦ ਮੋਬਾਈਲ ਫੋਨ ਵਾਪਸ ਸੁਰੱਖਿਅਤ ਢੰਗ ਨਾਲ ਦਿੱਤੇ ਜਾਣ।

PURBA APPRAISALS INC.

WE PROVIDE RESIDENTIAL REAL ESTATE APPRAISAL SERVICES FOR:



- Mortgage Financing
- Tax/Capital Gain
- Divorce/Separation of Assets
- Litigation Support
- Pre-listing Appraisals

Gurpreet Purba
Broker, CRA

416-669-1423
www.purbahomes.com

## Urgently Need New Listings in Brampton/Caledon

visit: www.teamjagaujla.com



Call **JAG AUJLA**
MCNE, REAL ESTATE BROKER
DIR: **416-371-7777**
j.aujla@rogers.com www.jagaujla.com

## CALL JAG FOR A QUICK & FREE HOME EVALUATION
www BramptonTopRealtor.com www BramptonTopAgent.com

## URGENTLY NEED NEW LISTINGS IN THIS AREA
## RECENTLY LISTED/SOLD IN YOUR NEIGHBOURHOOD BY JAG AUJLA

**NEW Listing in *BRAMPTON***
James Potter/Queen/Bonnie Brae
Approx. 3000-3500 sq.ft. ਡਿਟੈਚਡ ਹਾਊਸ, 5+2 ਬੈਡਰੂਮ+Office+ 5 ਵਾਸ਼ਰੂਮ, 2 ਬੈਡਰੂਮ ਫਿਨੀਸ਼ਡ Lookout ਬੇਸਮੇਂਟ,6 ਕਾਰ ਪਾਰਕਿੰਗ। No ਕਾਰਪੇਟ। Double Door Entry, ਕੀੱਚਨ with Granite ਕਾਊਂਟਰਟੋਪ। Oak staircase, ਮਾਸਟਰ ਬੈਡਰੂਮ with 5-ਪੀਸ ਇਨਸੂਇਟ, All Bdrms connected to Wash Rms.

**NEW Listing in *BRAMPTON***
Creditview Rd & Queen St
Approx. 2000 sq.ft. ਟਾਊਨ-ਹਾਊਸ, 4 ਬੈਡਰੂਮ, 3 ਵਾਸ਼ਰੂਮ, 2 ਕਾਰ ਪਾਰਕਿੰਗ। No ਕਾਰਪੇਟ। Eat-in ਕੀੱਚਨ with Granite ਕਾਊਂਟਰਟੋਪ with S/S Appliances. ਮਾਸਟਰ ਬੈਡਰੂਮ with Walk-in ਕਲੋਜਿਟ। Spacious Living Rm & Bed Rms, Laundary on 2nd ਫਲੋਰ। Close to Hwy 407 & 401.

**FOR RENT in *BRAMPTON***
Castlemore/The Gore Rd/Cottrelle
2000 sq.ft. ਸੈਮੀ-ਡਿਟੈਚਡ ਹਾਊਸ 4 ਬੈਡਰੂਮ + 3 ਵਾਸ਼ਰੂਮ, Hardwood Floor, ਮਾਸਟਰ ਬੈਡਰੂਮ with 4-ਪੀਸ ਇਨਸੂਇਟ,Walk-in ਕਲੋਜਿਟ। Oak staircase, No ਕਾਰਪੇਟ। Eat-in ਕੀੱਚਨ with S/S appliances. 3 ਕਾਰ ਪਾਰਕਿੰਗ। Close to Asian Food Plaza, buses, hwy's & more.

**FOR RENT in *BRAMPTON***
Castlemore/Humberwest/Airport
1600sq.ft. ਸੈਮੀ-ਡਿਟੈਚਡ ਹਾਊਸ, 3 ਬੈਡਰੂਮ + 3 ਵਾਸ਼ਰੂਮ, 3 ਕਾਰ ਪਾਰਕਿੰਗ, Hardwood Floor, Oak staircase, No ਕਾਰਪੇਟ। Eat-in ਕੀੱਚਨ with S/S appliances. Laundary on 2nd ਫਲੋਰ। Close to Buses, Plaza, School & Amenties.

**NEW Listing in *MISSISSAUGA***
Hurontario St/Eglington Ave/Nahani Way
700-799 sq.ft. ਅਪਾਰਟਮੈਂਟ, 2 ਬੈਡਰੂਮ +2 ਵਾਸ਼ਰੂਮ, 9ft. ceiling, Modern ਕੀੱਚਨ, New ਲੈਂਮੀਨੇਟ ਫਲੋ, 1 Underground ਪਾਰਕਿੰਗ, ਸਾਰੀਆਂ ਸਹੂਲਤਾਂ ਦੇ ਕੋਲ। Close to Hwy 401 & 403. Close to Square One Mall, Hospital, Plazas, Restaurants, Public Transits, Schools & more.

**NEW Listing in *MISSISSAUGA***
Ridgeway Dr./The Collegeway
1200-1399 sq.ft. ਟਾਊਨ-ਹਾਊਸ, 2 ਬੈਡਰੂਮ + 3 ਵਾਸ਼ਰੂਮ, 1 Underground ਪਾਰਕਿੰਗ + Huge Rooftop Patio, ਮਾਸਟਰ ਬੈਡਰੂਮ with 4-ਪੀਸ ਇਨਸੂਇਟ ਅਤੇ Walk-in ਕਲੋਜਿਟ, Eat-in ਕੀੱਚਨ with Quartz ਕਾਊਂਟਰਟੋਪ। Stainless Steel Appl. Close to Major Hwy 403 , 407,401 & QEW.

**FOR RENT in *TORONTO***
Dundas St./Church St.
665sq.ft. Brand-New ਅਪਾਰਟਮੈਂਟ, 2 ਬੈਡਰੂਮ + 2 ਵਾਸ਼ਰੂਮ (Spa inspired), Modern ਕੀੱਚਨ, *Unbeatable location* Steps to Yonge-Dundas Square, Eaton Centre, and Toronto Metropolitan University, Bus stop at door step.

## FREE

- Full MLS Services
- Consistently Marketing Your Property Until SOLD
- Competitive Rates, Exceptional Service & Award Winning Results
- Staging Consultation
- Billboard, Flyer, Newspaper
- Online Promotion
- Professional Pictures and Virtual Tour
- Social media & Radio Advertisement
- Open House Until Sold

RE/MAX Realty Specialists Inc. Brokerage (Independently Owned and Operated)
Off: 905-456-3232
*(Based on units sold & commissions)** *Some Conditions Apply.
*Seller* & Jag Aujla Broker of Re/max Realty Specialist Inc. must agree on the terms & conditions, closing date and listing price at the time of listing. Guaranteed Program only for Peel Region Homes Under $1 Million Price

Call **JAG AUJLA** DIR: **416-371-7777**
MCNE, REAL ESTATE BROKER
NOT INTENDED TO SOLICIT BUYERS OR SELLER CURRENTLY UNDER CONTRACT



The Mortgage Centre
We work for you, not the lenders.




Debt Consolidation | Renovations & Repairs | Avoiding High penalities

No Credit or becon score check.
No income verification.
Interest payments only.
Pay off high interest debts.
75%-80% LTV.
Must have home equity....

if you are looking for independent mortgage or protection advice....
We're here to help.
* Competitive rates
* Flexible terms
* Fast approval process

For more information call:
Jaspal Gahunia (Lic. M08006400)
Direct: 416-677-0047
Office: 416-674-7050
Email: paulpaul202@yahoo.ca
Office - Unit 201-19 Woodbine Downs Blvd, Etobicoke, ON M9W 6N5
-4040 Steeles Avenue West Unit#5 Woodbridge, ON, L4L 4Y5

Rexdale Financial Services






FRESH & LARGE VARIETY
Bread, Dairy & Eggs
Branded Foods
Fruits & Vegetables
Beverages & Confectionery
Grocery & Staples
Sweet & Samosas

**SERVING FROM ALL LOCATIONS IN GTA AREA:**

10 Westmore Drive
Etobicoke ON M9V-3Z7
416-740-3262

21 Lacoste Blvd,
Brampton, ON L6P 2K2
905 794-8109

621 Wanless drive, # 122
Brampton ON L7A 0A9
905-495-3336

1075 Ceremonial Drive
Mississauga ON L5R 2Z4
905-502-1600

80 Pertosa Drive
Brampton ON L5X-5E9
905-460-0009

10510 Torbram Road,
Brampton
905-790-0030

2120 North park Drive
Brampton ON L6S 0C9
905-793-1338

10 Pannahill Dr,
Brampton
905 913-8017